Fair Advice Financial | Care Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to $90,000 in government bonds & grants.
Contact :
647-951-7900
SUKHWINDER NAHAL CFP, CLU
Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 21* Issue 36 | Tuesday, February 22, 2022 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਛੁਰੇਬਾਜ਼ੀ ਤੋਂ ਬਾਅਦ ਇੱਕ ਵਿਅਕਤੀ ਹਸਪਤਾਲ ਵਿੱਚ




ਓਨਟਾਰੀਓ, 21 ਫਰਵਰੀ (ਪੋਸਟ ਬਿਊਰੋ) : ਸੋਮਵਾਰ ਸਵੇਰੇ ਟ੍ਰਿਨਿਟੀ ਬੈੱਲਵੁੱਡਜ਼ ਪਾਰਕ ਵਿੱਚ ਇੱਕ ਵਿਅਕਤੀ ਉੱਤੇ ਚਾਕੂ ਨਾਲ ਕਈ ਹਮਲੇ ਕਰਨ ਤੋਂ ਬਾਅਦ ਉਹ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਉਸ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।

ਪੁਲਿਸ ਅਧਿਕਾਰੀਆਂ ਨੂੰ ਸਵੇਰੇ 9:00 ਵਜੇ ਤੋਂ ਪਹਿਲਾਂ ਘਟਨਾ ਵਾਲੀ ਥਾਂ ਉੱਤੇ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਇਹ ਘਟਨਾ ਪਾਰਕ ਦੇ ਪਿਕਨਿਕ ਵਾਲੇ ਇਲਾਕੇ ਨੇੜੇ ਵਾਪਰੀ।

ਪੁਲਿਸ ਨੇ ਦੱਸਿਆ ਕਿ ਇੱਕ ਵਿਅਕਤੀ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ ਹੈ ਤੇ ਅਜੇ ਤੱਕ ਇਹ ਪਤਾ ਨਹੀਂ ਲੱਗਿਆ ਹੈ ਕਿ ਕਿਸੇ ਹੋਰ ਮਸ਼ਕੂਕ ਦੀ ਭਾਲ ਕੀਤੀ ਜਾ ਰਹੀ ਹੈ ਜਾਂ ਨਹੀਂ। ਪਰ ਅਜੇ ਜਾਂਚ ਚੱਲ ਰਹੀ ਹੈ।

# ਅਜੇ ਖ਼ਤਮ ਨਹੀਂ ਹੋਏ ਐਮਰਜੰਸੀ ਵਾਲੇ ਹਾਲਾਤ : ਟਰੂਡੋ



ਓਟਵਾ, 21 ਫਰਵਰੀ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦਾ ਕਹਿਣਾ ਹੈ ਕਿ ਐਮਰਜੰਸੀ ਐਕਟ ਨੂੰ ਲੋੜ ਤੋਂ ਵੱਧ ਇੱਕ ਦਿਨ ਵੀ ਲਾਗੂ ਰੱਖਣ ਦਾ ਫੈਡਰਲ ਸਰਕਾਰ ਦਾ ਕੋਈ ਇਰਾਦਾ ਨਹੀਂ ਹੈ। ਪਰ ਇਸ ਵੇਲੇ ਚਿੰਤਾ ਵਾਲੀ ਗੱਲ ਇਹ ਹੈ ਕਿ ਮੁਜ਼ਾਹਰਾਕਾਰੀ ਤੇ ਟਰੱਕ ਇੱਕ ਵਾਰੀ ਮੁੜ ਓਟਵਾ ਪਰਤਣ ਦੀਆਂ ਸਕੀਮਾਂ ਲਾ ਰਹੇ ਹਨ।

ਸੋਮਵਾਰ ਨੂੰ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਪ੍ਰਧਾਨ ਮੰਤਰੀ ਨੇ ਆਖਿਆ ਕਿ ਇਸ ਐਕਟ ਦੀ ਵਰਤੋਂ ਕੀਤੀ ਜਾਣੀ ਬੇਹੱਦ ਜ਼ਰੂਰੀ ਹੈ ਪਰ ਅਸੀਂ ਅਜਿਹਾ ਦੁਬਾਰਾ ਨਹੀਂ ਕਰਨਾ ਚਾਹੁੰਦੇ। ਬਾਰਡਰ ਕਰੌਸਿੰਗਜ਼ ਉੱਤੇ ਬਲਾਕੇਡਜ਼ ਨੂੰ ਹਟਾਏ ਜਾਣ ਤੇ ਡਾਊਨਟਾਊਨ ਓਟਵਾ ਵਿੱਚ ਵੀ ਸ਼ਾਂਤੀ ਦਾ ਮਾਹੌਲ ਮੁੜ ਕਾਇਮ ਹੋਣ ਦੇ ਮੱਦੇਨਜ਼ਰ ਜਦੋਂ ਇਹ ਪੁੱਛਿਆ ਗਿਆ ਕਿ ਕੀ ਹੁਣ ਵੀ ਐਮਰਜੰਸੀ ਸ਼ਕਤੀਆਂ ਦੀ ਲੋੜ ਹੈ ਤਾਂ ਟਰੂਡੋ ਨੇ ਆਖਿਆ ਕਿ ਅਜੇ ਇਹ ਮਸਲਾ ਪੂਰੀ ਤਰ੍ਹਾਂ ਹੱਲ ਨਹੀਂ ਹੋਇਆ ਹੈ।

ਕੋਵਿਡ-19 ਮਾਪਦੰਡਾਂ ਖਿਲਾਫ ਅਜੇ ਵੀ ਅਜਿਹੇ ਲੋਕ ਤੇ ਟਰੱਕ ਹਨ ਜਿਹੜੇ ਓਟਵਾ ਦੇ ਆਲੇ ਦੁਆਲੇ ਵਾਲੇ ਆਰਨਪ੍ਰਿਅਰ ਤੇ ਐਂਬਰਨ ਇਲਾਕਿਆਂ ਵਿੱਚ ਇੱਕਠੇ ਹੋ ਰਹੇ ਹਨ। ਸੋਮਵਾਰ ਸਵੇਰ ਤੱਕ ਓਟਵਾ ਵਿੱਚ ਫਰੀਡਮ ਕੌਨਵੌਏ ਵਿੱਚ ਹਿੱਸਾ ਲੈਣ ਵਾਲੇ 196 ਵਿਅਕਤੀਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ ਤੇ 115 ਗੱਡੀਆਂ ਨੂੰ ਟੋਅ ਕੀਤਾ ਜਾ ਚੁੱਕਿਆ ਸੀ। ਹੁਣ ਤੱਕ 400 ਤੋਂ ਵੱਧ ਚਾਰਜਿਜ਼ ਲਾਏ ਜਾ ਚੁੱਕੇ ਹਨ, ਇਨ੍ਹਾਂ ਵਿੱਚ ਸ਼ਰਾਰਤ ਤੋਂ ਲੈ ਕੇ ਵਿਘਣ ਪਾਉਣ ਤੇ ਪੁਲਿਸ ਅਧਿਕਾਰੀ ਉੱਤੇ ਹਮਲਾ ਕਰਨ ਆਦਿ ਵਰਗੇ ਦੋਸ਼ ਸ਼ਾਮਲ ਹਨ।

## ਬਹਿਸ ਤੋਂ ਬਾਅਦ ਹਾਊਸ ਆਫ ਕਾਮਨਜ਼ ਨੇ ਪਾਸ ਕੀਤਾ ਐਮਰਜੰਸੀ ਐਕਟ ਮਤਾ



ਓਟਵਾ, 21 ਫਰਵਰੀ (ਪੋਸਟ ਬਿਊਰੋ) : ਓਟਵਾ ਤੇ ਕਈ ਹੋਰਨਾਂ ਬਾਰਡਰ ਲਾਂਘਿਆਂ ਉੱਤੇ ਲਾਏ ਗਏ ਬਲਾਕੇਡਜ਼ ਨੂੰ ਖਤਮ ਕਰਨ ਲਈ ਪਿਛਲੇ ਹਫਤੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਲਿਆਂਦੇ ਗਏ ਐਮਰਜੰਸੀ ਐਕਟ ਤਹਿਤ ਵਿਲੱਖਣ ਤੇ ਆਰਜ਼ੀ ਮਾਪਦੰਡਾਂ ਨੂੰ ਮਨਜ਼ੂਰੀ ਦੇਣ ਲਈ ਹਾਊਸ ਆਫ ਕਾਮਨਜ਼ ਵੱਲੋਂ ਮਤੇ ਉੱਤੇ ਮੋਹਰ ਲਾ ਦਿੱਤੀ ਗਈ ਹੈ।

ਇਹ ਮਤਾ 151 ਦੇ ਮੁਕਾਬਲੇ 185 ਵੋਟਾਂ ਨਾਲ ਪਾਸ ਹੋਇਆ। ਘੱਟ ਗਿਣਤੀ ਲਿਬਰਲ ਸਰਕਾਰ ਦੇ ਨਾਲ ਐਨਡੀਪੀ ਵੱਲੋਂ ਮਤੇ ਦੇ ਪੱਖ ਵਿੱਚ ਵੋਟ ਪਾਈ ਗਈ। ਐਨਡੀਪੀ ਆਗੂ ਜਗਮੀਤ ਸਿੰਘ ਨੇ ਸੋਮਵਾਰ ਨੂੰ ਆਖਿਆ ਸੀ ਕਿ ਉਨ੍ਹਾਂ ਦੀ ਪਾਰਟੀ ਵੱਲੋਂ ਇਸ ਮਤੇ ਦਾ ਸਮਰਥਨ ਕੀਤਾ ਜਾਵੇਗਾ। ਪਰ ਜਿਵੇਂ ਹੀ ਇਹ ਤੈਅ ਹੋਇਆ ਕਿ ਕੌਨਵੌਏ ਦੇ ਮੈਂਬਰਾਂ ਵੱਲੋਂ ਓਟਵਾ ਤੇ ਬਾਰਡਰ ਕਰੌਸਿੰਗ ਤੋਂ ਪਾਸੇ ਹੋਣ ਦਾ ਫੈਸਲਾ ਕੀਤਾ ਗਿਆ ਹੈ ਤੇ ਹੁਣ ਇਨ੍ਹਾਂ ਮਾਪਦੰਡਾਂ ਦੀ ਲੋੜ ਨਹੀਂ ਤਾਂ ਐਨਡੀਪੀ ਨੇ ਆਪਣਾ ਸਮਰਥਨ ਵਾਪਿਸ ਲੈ ਲਿਆ।

ਕੰਜ਼ਰਵੇਟਿਵਾਂ ਤੇ ਬਲਾਕ ਕਿਊਬਿਕੁਆ ਵੱਲੋਂ ਇਸ ਮਤੇ ਦਾ ਵਿਰੋਧ ਕੀਤਾ ਗਿਆ। ਇਹ ਵੀ ਸੰਭਾਵਨਾ ਹੈ ਕਿ ਸੈਨੇਟ ਵੱਲੋਂ ਸਰਕਾਰ ਦੀ ਬੇਨਤੀ ਉੱਤੇ ਮਤੇ ਦੇ ਹੱਕ ਵਿੱਚ ਵੋਟ ਪਾਈ ਜਾਵੇਗੀ। ਕਿਸੇ ਵੀ ਵੇਲੇ ਸੈਨੇਟ, ਹਾਊਸ ਜਾਂ ਸਰਕਾਰ ਵੱਲੋਂ ਇਹ ਸਮਰਥਨ ਵਾਪਿਸ ਲਿਆ ਜਾ ਸਕਦਾ ਹੈ ਤੇ ਐਮਰਜੰਸੀ ਲਾਅ ਵਿੱਚੋਂ ਮਿਲਣ ਵਾਲੀਆਂ ਵਿਲੱਖਣ ਸ਼ਕਤੀਆਂ ਖਤਮ ਹੋ ਸਕਦੀਆਂ ਹਨ।

## ਕੈਨੇਡਾ ਵਿੱਚ ਟੈਕਸ ਫਾਈਲ ਕਰਨ ਦੇ ਸੀਜ਼ਨ ਦੀ ਹੋਈ ਸ਼ੁਰੂਆਤ




ਓਟਵਾ, 21 ਫਰਵਰੀ (ਪੋਸਟ ਬਿਊਰੋ) : ਕੈਨੇਡਾ ਰੈਵਨਿਊ ਏਜੰਸੀ ਵੱਲੋਂ ਸੋਮਵਾਰ ਤੋਂ ਇਨਕਮ ਟੈਕਸ ਰਿਟਰਨਜ਼ ਸਵੀਕਾਰਨੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ। ਇਸ ਨਾਲ ਟੈਕਸ ਜਮ੍ਹਾਂ ਕਰਵਾਉਣ ਦੇ ਸੀਜ਼ਨ ਦੀ ਸ਼ੁਰੂਆਤ ਹੋ ਗਈ।

ਏਜੰਸੀ ਨੇ ਆਖਿਆ ਕਿ ਇਹ ਇੱਕ ਹੋਰ ਵਿਲੱਖਣ ਟੈਕਸ ਪੀਰੀਅਡ ਹੋਵੇਗਾ ਕਿਉਂਕਿ ਕੋਵਿਡ-19 ਮਹਾਂਮਾਰੀ ਦਰਮਿਆਨ ਅਜੇ ਉਨ੍ਹਾਂ ਨੂੰ ਹੋਰ ਚੁਣੌਤੀਆਂ ਦਾ ਸਾਹਮਣਾ ਕਰਨਾ ਪਵੇਗਾ। ਪਰ ਸੀਆਰਏ ਨੇ ਆਖਿਆ ਕਿ ਟੈਕਸ ਫਾਈਲ ਕਰਨ ਦੀ ਡੈੱਡਲਾਈਨ ਵਿੱਚ ਕੋਈ ਤਬਦੀਲੀ ਨਹੀਂ ਕੀਤੀ ਜਾ ਰਹੀ ਤੇ ਬਹੁਤੇ ਕੈਨੇਡੀਅਨਜ਼ ਲਈ ਇਹ 30 ਅਪਰੈਲ ਹੀ ਹੋਵੇਗੀ। ਟੈਕਸ ਇੱਕਠਾ ਕਰਨ ਵਾਲੀ ਫੈਡਰਲ ਏਜੰਸੀ ਨੇ ਆਖਿਆ ਕਿ ਕੈਨੇਡੀਅਨਜ਼ ਨੂੰ ਆਪਣੀ ਇਨਕਮ ਟੈਕਸ ਰਿਟਰਨ ਭਰਨੀ ਚਾਹੀਦੀ ਹੈ ਤਾਂ ਕਿ ਉਨ੍ਹਾਂ ਨੂੰ ਉਹ ਬੈਨੇਫਿਟਸ ਤੇ ਕ੍ਰੈਡਿਟਸ ਹਾਸਲ ਹੋ ਸਕਣ ਜਿਨ੍ਹਾਂ ਦੇ ਉਹ ਹੱਕਦਾਰ ਹਨ।

ਜਿਨ੍ਹਾਂ ਕੈਨੇਡੀਅਨਾਂ ਨੇ ਘਰ ਤੋਂ ਹੀ ਕੰਮ ਕੀਤਾ ਹੈ ਉਹ ਘਰ ਤੋਂ ਆਫਿਸ ਦੇ ਖਰਚਿਆਂ ਦੇ ਸਬੰਧ ਵਿੱਚ 500 ਡਾਲਰ ਦੀ ਕਟੌਤੀ ਹਾਸਲ ਕਰ ਸਕਦੇ ਹਨ। ਨੈਸ਼ਨਲ ਰੈਵਨਿਊ ਮੰਤਰੀ ਡਾਇਐਨ ਲੇਬੋਥਿਲੀਅਰ ਦਾ ਕਹਿਣਾ ਹੈ ਕਿ ਮਹਾਂਮਾਰੀ ਦੌਰਾਨ ਜਿਸ ਤਰ੍ਹਾਂ ਚੁਣੌਤੀਆਂ ਦਾ ਸਾਹਮਣਾ ਸੀਆਰਏ ਵੱਲੋਂ ਕੀਤਾ ਗਿਆ ਉਨ੍ਹਾਂ ਉੱਤੇ ਉਨ੍ਹਾਂ ਨੂੰ ਮਾਣ ਹੈ। ਉਨ੍ਹਾਂ ਆਖਿਆ ਕਿ ਏਜੰਸੀ ਦੇ ਮੁਲਾਜ਼ਮਾਂ ਵੱਲੋਂ ਕੋਵਿਡ-19 ਬੈਨੇਫਿਟਸ ਮੁਹੱਈਆ ਕਰਵਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਗਈ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Aaxel InsuranceBrokers Ltd. 1332 Khalsa Dr, Unit # 11, Mississauga, ON L5S 0A2

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598

Locations: Woodbridge, Mississauga, Scarborough
YES! Immigration
Yes we can...
Celebrating 16 Years
16 ਸਾਲਾਂ ਤੋਂ ਤੁਹਾਡੀ ਸੇਵਾ ਵਿਚ
ICCRC
Raj Narang
Ritu Narang
ਕੈਨੇਡਾ ਦੇ ਵੀਜ਼ਾ ਵਾਸਤੇ ਅੱਜ ਹੀ ਸੰਪਰਕ ਕਰੋ:
ਇੰਮੀਗਰੇਸ਼ਨ ਸੇਵਾਵਾਂ
10-20% Discount
(416)740-6969
(647)616-1020

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

ROYAL STAR Realty Inc. Brokerage
Off: 905-793-1111
Fax: 905-793-1455
RESIDENTIAL | COMMERCIAL | INVESTMENT
Serving you from one of the Largest Offices in GTA !
GURVIR DHILLON
Sales Representative
Dir: 647-409-1302
170 Steelwell Rd., Unit 200, Brampton, ON L6T 5T3
gaggi04@hotmail.com | www.royalstarrealty.com

Dubai Jewellers
Gift Prize with Every Purchase
10% additional discount on gold and upto 50% on diamond.
- Repair at no extra cost
- Appraisal Certificate
- Buy, Sell, Trade
Tuesday to Sunday (12-8)
(Monday Closed)
ਨਵੇਂ ਬਣੇ ਪਲਾਜ਼ਾ ਦੇ ਵਿਚ
Raj & Gulshan
Mob: 416-465-1200
2700 Northpark Drive
Unit #19, Brampton
Ontario L6S 0E9
North Park & Airport Major Intersection
www.dubaijewellers.ca
info@dubaijewellers.ca

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
Avon Financial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca


NOW
HIRING
U.S. CROSS BORDER
SINGLES & TEAMS
AND CANADIAN TEAMS
US Singles $0.64/mile
US Teams $0.66/mile
Canadian teams $0.62/mile
LIGHT SPEED
Logistics Inc.
OUR FAMILY WELCOMES YOU
U.S. Singles – Dedicated Truck
Desirable Lanes to the U.S.
U.S. Teams – New Dedicated Truck
Canadian Teams – New Dedicated Truck
Comprehensive Company Benefits
Flexible Work Schedule
LIGHT SPEED HAS YOU COVERED
Steve Hunt O 905.696.0700 x7224 C 905.229.9011 E shunt@lslinc.com
6015 Kestrel Road, Mississauga, ONTARIO L5T 1S8
www.lslinc.com


NATION-WIDE TALK,
TEXT & DATA PLAN
$25/mo.
1 Promenade Circle, Thornhill
379 Main St. North, Brampton
2456 Lake Shore Blvd West, Etobicoke
chatr™
AUTHORIZED DEALER
Offer subject to change without notice. Get up to 500MB of data on the Talk, Text and Data Plan. Once you reach your 3G speed data allotment, your data speed will be reduced until your next anniversary date. Taxes extra. ™ Trademarks used under license ©2022

# ਮੁਲਾਜ਼ਮਾਂ ਨੇ ਲਿਆ ਮਾਂ ਬੋਲੀ ਪੰਜਾਬੀ ਬੋਲਣ, ਪੜਨ, ਲਿਖਣ ਅਤੇ ਆਉਣ ਵਾਲੀਆਂ ਪੀੜੀਆਂ ਨੂੰ ਪੰਜਾਬੀ ਭਾਸ਼ਾ, ਨਾਲ ਜ਼ੋੜਨ ਦਾ ਅਹਿਦ

ਮੋਗਾ, 21 ਫਰਵਰੀ (ਗਿਆਨ ਸਿੰਘ) ਭਾਸ਼ਾ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅੱਜ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਸ਼੍ਰੀ ਹਰਚਰਨ ਸਿੰਘ ਨੇ ਆਪਣੇ ਦਫ਼ਤਰੀ ਕਰਮਚਾਰੀਆਂ ਨਾਲ ਕੌਮਾਂਤਰੀ ਮਾਤ ਭਾਸ਼ਾ ਦਿਵਸ ਮਨਾਇਆ ਗਿਆ।

ਸ਼੍ਰੀ ਹਰਚਰਨ ਸਿੰਘ ਨੇ ਆਪਣੇ ਦਫ਼ਤਰ ਵਿਖੇ ਮੌਜੂਦ ਸਮੂਹ ਮੁਲਾਜ਼ਮਾਂ ਨਾਲ ਮਾਂ ਬੋਲੀ ਲਈ ਅਹਿਦ ਲਿਆ ਕਿ ਉਹ ਨਾਥਾਂ, ਸੂਫ਼ੀਆਂ, ਭਗਤਾਂ, ਗੁਰੂਆਂ, ਪੀਰਾਂ, ਤੇ ਫਕੀਰਾਂ ਦੀ ਵਰੋਸਾਈ ਮਾਂ ਬੋਲੀ ਪੰਜਾਬੀ ਦਾ ਉਮਰ ਭਰ ਸਤਿਕਾਰ ਕਰਨਗੇ। ਉਨਾਂ ਅਹਿਦ ਲਿਆ ਕਿ ਉਹ ਆਪਣੀ ਮਾਂ ਬੋਲੀ ਪੰਜਾਬੀ ਬੋਲਣਗੇ, ਪੰਜਾਬੀ ਪੜਨਗੇ, ਪੰਜਾਬੀ ਲਿਖਣਗੇ, ਅਤੇ ਆਉਣ ਵਾਲੀਆਂ ਪੀੜੀਆਂ ਨੂੰ ਪੰਜਾਬੀ ਭਾਸ਼ਾ, ਸਾਹਿਤ ਅਤੇ ਸੱਭਿਆਚਾਰ ਨਾਲ ਜ਼ੋੜਨ ਲਈ ਹਮੇਸ਼ਾ ਯਤਨਸ਼ੀਲ ਰਹਿਣਗੇ।



ਉਨਾਂ ਕਿਹਾ ਕਿ ਮਾਂ ਬੋਲੀ ਪੰਜਾਬੀ ਦੇ ਪ੍ਰਚਾਰ, ਪ੍ਰਸਾਰ ਅਤੇ ਸੰਚਾਰ ਲਈ ਉਨਾਂ ਦੀਆਂ ਸੇਵਾਵਾਂ ਹਮੇਸ਼ਾ ਸਮਰਪਿਤ ਰਹਿਣਗੀਆਂ।

ਉਨਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਭਾਸ਼ਾ ਕਿਸੇ ਵੀ ਕੌਮ ਦਾ ਵਿਰਸਾ ਹੁੰਦ ਹੈ। ਖੇਤਰ ਵਿਸ਼ੇਸ਼ ਦੀ ਸੱਭਿਅਤਾ ਅਤੇ ਸੱਭਿਆਚਾਰ ਦਾ ਅੰਦਾਜ਼ਾ ਉੱਥੋਂ ਦੀ ਭਾਸ਼ਾ ਤੋਂ ਸਹਿਜੇ ਹੀ ਲਗਾਇਆ ਜਾ ਸਕਦਾ ਹੈ। ਮਾਤ ਭਾਸ਼ਾ ਨਾਲੋਂ ਕੋਈ ਵੀ ਆਪਣੀ ਹੋਂਦ ਨਾਲੋਂ ਵੱਖ ਨਹੀਂ ਕਰ ਸਕਦਾ। ਸਿਰਫ਼ ਮਾਤ ਭਾਸ਼ਾ ਵਿੱਚ ਹੀ ਆਪਣੇ ਵਿਚਾਰਾਂ ਦਾ ਖੁੱਲਾ ਪ੍ਰਗਟਾਵਾ ਕੀਤਾ ਜਾ ਸਕਦਾ ਹੈ।

ਉਨਾਂ ਕਿਹਾ ਕਿ ਪੰਜਾਬੀ ਅਤੇ ਗੁਰਮੁਖੀ ਲਿਪੀ ਦਾ ਸਾਹਿਤਿਕ ਅਤੇ ਇਤਿਹਾਸਿਕ ਵਿਰਸਾ ਬਹੁਤ ਅਮੀਰ ਹੈ। ਇਹ ਦੁਨੀਆਂ ਦੇ 150 ਮੁਲਕਾਂ ਵਿੱਚ ਕਿਸੇ ਨਾ ਕਿਸੇ ਹੱਕ ਤੱਕ ਬੋਲੀ ਜਾਂਦੀ ਹੈ। 14 ਕਰੋੜ ਤੋਂ ਵੱਧ ਲੋਕ ਪੰਜਾਬੀ ਬੋਲਦੇ ਹਨ। ਪੰਜਾਬੀ ਆਪਣੀ ਵੱਖਰੀ ਨੁਹਾਰ, ਵੱਖਰੀ ਬਣਤਰ ਅਤੇ ਵੱਖਰਾ ਅੰਦਾਜ ਕਰਕੇ ਸੋਹਣੀ ਬੋਲੀ ਹੈ। ਮਾਤ ਭਾਸ਼ਾ ਦੇ ਵਿਕਾਸ ਨਾਲ ਹੀ ਦੇਸ਼ ਅਤੇ ਸੰਸਾਰ ਦਾ ਵਿਕਾਸ ਹੋ ਸਕਦਾ ਹੈ। ਉਨਾਂ ਕਿਹਾ ਕਿ ਹੋਰ ਭਾਸ਼ਾਵਾਂ ਦੀ ਜਾਣਕਾਰੀ ਹੋਣਾ ਨੁਕਸਾਨਦਾਇਕ ਨਹੀਂ ਬਲਕਿ ਮਨੁੱਖ ਜਿੰਨੀਆਂ ਹੋਰ ਭਾਸ਼ਾਵਾਂ ਸਿੱਖਦਾ ਹੈ ਗਿਆਨ ਦੇ ਉਨੇ ੋਰ ਦਰਵਾਜ਼ੇ ਉਸ ਲਈ ਖੁੱਲ ਜਾਂਦੇ ਹਨ, ਪਰ ੋਰਾਂ ਭਾਸ਼ਾਵਾਂ ਦੇ ਪ੍ਰਭਾਵ ਵਿੱਚ ਆਪਣੀ ਮਾਤ ਭਾਸ਼ਾ ਦੇ ਮਹੱਤਵ ਨੂੰ ਭੁੱਲ ਜਾਣਾ ਜਾਂ ਉਸਦਾ ਨਿਰਾਦਰ ਕਰਨਾ ਜਾਂ ਉਸਨੂੰ ਨੀਵਾਂ ਸਮਝਣਾ ਬਹੁਤ ਹੀ ਸ਼ਰਮਨਾਕ ਹੈ। ਅੱਜ ਦੇ ਸਮੇ ਵਿੱਚ ਸਾਡੇ ਮਨਾਂ ਵਿੱਚ ਕਈ ਹੋਰ ਭਾਸ਼ਾਵਾਂ ਬਾਰੇ ਇਸਦੀ ਉੱਚਤਾ ਬਾਰੇ ਇੱਕ ਧਾਰਨਾ ਬਣਾ ਦਿੱਤੀ ਗਈ ਹੈ ਕਿ ਅੰਗਰੇਜ਼ੀ ਦਾ ਮੰਡੀ ਮੁੱਲ ਪੰਜਾਬੀ ਤੋਂ ਕਿਸੇ ਵਧੇਰੇ ਹੈ। ਪੰਜਾਬੀ ਉੱਤੇ ਹੋ ਰਹੇ ਇਸ ਤਰਾਂ ਦੇ ਹਮਲੇ ਤੋਂ ਸਾਨੂੰ ਬਚਣ ਦੀ ਲੋੜ ਹੈ ਅਤੇ ਪੰਜਾਬੀ ਨੂੰ ਕਿਸੇ ਵੀ ਤਰਾਂ ਜੀਵਤ ਰੱਖਣ ਦੀ ਲੋੜ ਹੈ।




## ਜਾਅਲੀ ਵੋਟ ਦੇ ਦੋਸ਼ ਹੇਠ ਬੀ ਐਲ ਓ ਸਸਪੈਂਡ

ਮੋਗਾ, 21 ਫਰਵਰੀ (ਪੋਸਟ ਬਿਊਰੋ)- ਇਸ ਸ਼ਹਿਰ ਦੇ ਇੱਕ ਪੋਲਿੰਗ ਬੂਥ ਉੱਤੇਲੱਗੇ ਬੂਥ ਲੈਵਲ ਅਫਸਰ (ਬੀ ਐਲ ਓ) ਨੂੰ ਜਾਅਲੀ ਵੋਟ ਪਵਾਉਣ ਦੇ ਦੋਸ਼ ਹੇਠ ਸਸਪੈਂਡ ਕਰ ਦਿੱਤਾ ਗਿਆ ਹੈ।

ਇਸ ਬਾਰੇ ਥਾਣਾ ਸਿਟੀ ਦੱਖਣੀ ਪੁਲਸ ਨੇ ਇੱਥੋਂ ਦੇ ਇੱਕ ਕਾਂਗਰਸੀ ਕੌਂਸਲਰ ਦੇ ਪੁੱਤਰ ਅਤੇ ਬੀ ਐਲ ਓ ਅਤੇ ਆਮ ਆਦਮੀ ਪਾਰਟੀ ਦੇ ਇੱਕ ਵਾਲੰਟੀਅਰ ਨੂੰ ਹਿਰਾਸਤ ਵਿੱਚ ਲੈ ਕੇ ਪੁੱਛਗਿੱਛ ਕੀਤੀ ਹੈ। ਥਾਣਾ ਮੁਖੀ ਨੇ ਪੁਸ਼ਟੀ ਕੀਤੀ ਕਿ ਬੀ ਐਲ ਓ ਸਮੇਤ ਤਿੰਨਾਂਜਣਿਆਂ ਨੂੰ ਚੋਣ ਆਬਜ਼ਰਵਰ ਦੀਆਂ ਹਦਾਇਤਾਂ ਉੱਤੇ ਹਿਰਾਸਤ ਵਿੱਚ ਲਿਆ ਹੈ।

ਮਿਲੀ ਜਾਣਕਾਰੀ ਅਨੁਸਾਰ ਕਾਂਗਰਸੀ ਕੌਂਸਲਰ ਦਾ ਪੁੱਤਰ ਬੂਥ ਉੱਤੇ ਤੈਨਾਤ ਬੀ ਐਲ ਓ ਦੀ ਮਿਲੀਭੁਗਤ ਨਾਲ ਜਾਅਲੀ ਵੋਟਾਂ ਭੁਗਤਾਉਣ ਦੀ ਕੋਸ਼ਿਸ਼ ਕਰਨ ਲੱਗਾ ਤਾਂ ਆਮ ਆਦਮੀ ਪਾਰਟੀ ਦੇ ਵਾਲੰਟਰੀਅਰ ਸੰਨੀ ਰਾਮ ਨੇ ਫਰਜ਼ੀ ਵੋਟ ਪਾਉਣ ਆਈ ਇੱਕ ਮੁਟਿਆਰ ਦੀ ਮੋਬਾਈਲ ਵਿੱਚ ਵੀਡੀਓ ਬਣਾ ਲਈ, ਜਿਸ ਦਾ ਰੌਲਾ ਪੈ ਗਿਆ ਤੇ ਆਬਜ਼ਰਵਰ ਉਥੇ ਪੁੱਜ ਗਿਆ। ਇਸ ਮੌਕੇ ਬੀ ਐਲ ਓ ਕੋਲੋਂ ਨਵੇਂ ਵੋਟਰਾਂ ਦੇ ਕਰੀਬ 10-12 ਸ਼ਨਾਖਤੀ ਵੋਟਰ ਕਾਰਡ ਮਿਲੇ, ਜਿਸ ਕਾਰਨ ਚੋਣ ਅਮਲੇ ਦਾ ਸ਼ੱਕ ਵਧ ਗਿਆ ਅਤੇ ਪੁਲਸ ਉਨ੍ਹਾਂ ਨੂੰ ਥਾਣੇ ਲੈ ਆਈ। ਬੀ ਐਲ ਓ ਨੇ ਬਚਾਅ ਲਈ ਕਿਹਾ ਕਿ ਉਸ ਨੇ ਨਵੇਂ ਵੋਟਰਾਂ ਨੂੰ ਕਾਰਡ ਵੰਡਣੇ ਸਨ। ਆਮ ਆਦਮੀ ਪਾਰਟੀ ਦੀ ਉਮੀਦਵਾਰ ਡਾਕਟਰ ਅਮਨਦੀਪ ਕੌਰ ਅਰੋੜਾ ਨੇ ਆਪਣੀ ਪਾਰਟੀ ਦੇ ਵਾਲੰਟੀਅਰ ਨੂੰ ਨਾਜਾਇਜ਼ ਹਿਰਾਸਤ ਵਿੱਚ ਰੱਖਣ ਅਤੇ ਥਾਣੇ ਅੰਦਰ ਤਸ਼ੱਦਦ ਕਰਨ ਦਾ ਦੋਸ਼ ਲਾਇਆ ਹੈ। ਉਨ੍ਹਾ ਨੇ ਦੇਰ ਰਾਤ ਵਾਲੰਟੀਅਰ ਦੀ ਰਿਹਾਈ ਲਈ ਥਾਣੇ ਅੱਗੇ ਧਰਨਾ ਲਾ ਦਿੱਤਾ ਤਾਂ ਪੁਲਸ ਨੇ ਵਾਲੰਟੀਅਰ ਨੂੰ ਰਿਹਾਅ ਕਰ ਦਿੱਤਾ, ਪਰ ਕਾਂਗਰਸੀ ਕੌਂਸਲਰ ਦਾ ਪੁੱਤਰ ਤੇ ਬੀ ਐਲ ਓ ਪੁਲਸ ਹਿਰਾਸਤ ਵਿੱਚ ਹੀ ਰਹੇ।

# ਗੁਰਭਜਨ ਗਿੱਲ ਦੇ ਗ਼ਜ਼ਲ ਸੰਗ੍ਰਹਿ ਦੋ ਹਰਫ਼ ਰਸੀਦੀ ਦੇ ਦੂਜੇ ਐਡੀਸ਼ਨ ਦਾ ਲੋਕ ਅਰਪਨ

### ਪੰਜਾਬੀ ਸਭਿਆਚਾਰ ਦੇ ਨਿਰੰਤਰ ਵਿਕਾਸ ਲਈ ਸ਼ਬਦ ਸੁਰ ਸੰਗੀਤ ਤੇ ਚਿਤਰਕਾਰਾਂ ਨੂੰ ਇਕੱਠੇ ਤੁਰਨ ਦੀ ਲੋੜ: ਭੁਪਿੰਦਰ ਸਿੰਘ ਮੱਲ੍ਹੀ

ਲੁਧਿਆਣਾ 21 ਫਰਵਰੀ (ਗਿਆਨ ਸਿੰਘ )ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਵੱਲੋਂ ਪ੍ਰਕਾਸ਼ਤਿ ਗੁਰਭਜਨ ਗਿੱਲ ਦੇ ਕਾਵਿ ਸੰਗ੍ਰਹਿ ਦੋ ਹਰਫ਼ ਰਸੀਦੀ ਦੇ ਦੂਜੇ ਐਡੀਸ਼ਨ ਨੂੰ ਲੋਕ ਅਰਪਨ ਕਰਦਿਆਂ ਉੱਘੇ ਸਭਿਆਚਾਰਕ ਕਾਮੇ ਤੇ ਵਿਰਾਸਤ ਫਾਉਂਡੇਸ਼ਨ ਬ੍ਰਿਟਿਸ਼ ਕੋਲੰਬੀਆ ਦੇ ਪ੍ਰਤੀਨਿਧ ਸਃ ਭੁਪਿੰਦਰ ਸਿੰਘ ਮੱਲ੍ਹੀ ਨੇ ਕਿਹਾ ਹੈ ਕਿ ਮਨੁੱਖ ਨੂੰ ਲਗਾਤਾਰ ਸੰਵੇਦਨਸ਼ੀਲ ਬਣਾਈ ਰੱਖਣ ਲਈ ਸ਼ਬਦ, ਸੁਰ ਸੰਗੀਤ ਤੇ ਚਿਤਰਕਾਰੀ ਨਾਲ ਸਬੰਧਿਤ ਕਲਾਕਾਰਾਂ ਨੂੰ ਸਿਰ ਜੋੜ ਕੇ ਤੁਰਨਾ ਚਾਹੀਦਾ ਹੈ ਤਾਂ ਜੋ ਸਰਮਾਏ ਦੀ ਅੰਨ੍ਹੀ ਦੌੜ ਸਾਨੂੰ ਪੱਥਰ ਜੂਨ ਵਿੱਚ ਨਾ ਪਾ ਦੇਵੇ। ਉਨ੍ਹਾਂ ਕਿਹਾ ਕਿ ਸਾਹਿੱਤ ਸੰਗੀਤ ਤੇ ਨਾਟਕ ਚੇਟਕ ਨਾਲ ਸਬੰਧਿਤ ਸੰਸਥਾਵਾਂ ਤੋਂ ਬਿਨਾ ਸਾਨੂੰ ਵਿਅਕਤੀਗਤ ਪੱਧਰ ਤੇ ਵੀ ਸੰਗਠਿਤ ਕਾਫ਼ਲੇ ਬੰਨ੍ਹਣ ਦੀ ਲੋੜ ਹੈ।



ਉਨ੍ਹਾਂ ਗੁਰਭਜਨ ਗਿੱਲ ਨੂੰ ਮੁਬਾਰਕ ਦਿੱਤੀ ਜਿੰਨ੍ਹਾਂ ਨੇ ਦੇਸ਼ ਬਦੇਸ਼ ਚ ਵੱਸਦੇ ਲੇਖਕਾਂ ਕਲਾਕਾਰਾਂ ਤੇ ਬੁੱਧੀਜੀਵੀਆਂ ਨੂੰ ਪੰਜਾਬ ਦੀਆਂ ਪ੍ਰਮੁੱਖ ਸੰਸਥਾਵਾਂ ਨਾਲ ਜੋੜਨ ਦੇ ਨਾਲ ਨਾਲ ਸਾਹਿੱਤਕ ਸਭਿਆਚਾਰਕ ਸਰਗਰਮੀਆਂ ਵਿੱਚ ਵੀ ਭਾਈਵਾਲ ਬਣਾਇਆ ਹੈ। ਉਨ੍ਹਾਂ ਦੱਸਿਆ ਕਿ ਜਲੰਧਰ ਵਿਖੇ ਲੋਕ ਮੰਚ ਵੱਲੋਂ ਕਰਵਾਏ ਸਮਾਗਮ ਵਿੱਚ ਮੈਨੂੰ ਗ਼ਜ਼ਲ ਗੁਲਜ਼ਾਰਃ ਵਾਘਿਉਂ ਪਾਰ ਪੁਸਤਕ ਸਃ ਸੁਰਿੰਦਰ ਸਿੰਘ ਸੁੱਨੜ ਨੇ ਆਪਣੀ ਆਵਾਜ਼ ਪ੍ਰਕਾਸ਼ਨ ਵੱਲੋਂ ਭੇਟ ਕੀਤੀ ਜਿਸ ਚ ਪਾਕਿਸਤਾਨ ਦੇ 101 ਪੰਜਾਬੀ ਗ਼ਜ਼ਲਕਾਰਾਂ ਦਾ ਕਲਾਮ ਸ਼ਾਮਿਲ ਸੀ। ਇਸ ਕਿਤਾਬ ਦੇ ਮੁੱਖ ਬੰਦ ਤੋਂ ਮੈਨੂੰ ਪਤਾ ਲੱਗਾ ਕਿ ਨੂਰ ਮੁਹੰਮਦ ਨੂਰ ਜੀ ਦੇ ਇਸ ਮਹੱਤਵਪੂਰਨ ਕਾਰਜ ਨੂੰ ਪ੍ਰਕਾਸ਼ ਨਸੀਬ ਨਹੀਂ ਸੀ ਹੋਣਾ ਜੇਕਰ ਗੁਰਭਜਨ ਦੀ ਪ੍ਰੇਰਨਾ ਸ਼ਕਤੀ ਨਾ ਹੁੰਦੀ।

ਸਃ ਭੁਪਿੰਦਰ ਸਿੰਘ ਮੱਲ੍ਹੀ ਨੇ ਕਿਹਾ ਕਿ ਮੈਂ ਗੁਰਭਜਨ ਗਿੱਲ ਦੀਆਂ ਲਿਖਤਾਂ ਅਕਸਰ ਪੜ੍ਹਦਾ ਹਾਂ ਅਤੇ ਉਸ ਦੀਆਂ ਪਿਛਲੇ ਸਮੇਂ ਚ ਛਪੀਆਂ ਸੱਜਰੀਆਂ ਕਿਤਾਬਾਂ ਪੱਤੇ ਪੱਤੇ ਲਿਖੀ ਇਬਾਰਤ, ਚਰਖ਼ੜੀ, ਸੁਰਤਾਲ ਤੇ ਮੋਰਪੰਖ ਦੀਆਂ ਕਾਪੀਆਂ ਖ਼ਰੀਦ ਕੇ ਵੱਡੀ ਗਿਣਤੀ ਚ ਕੈਨੇਡਾ ਲਿਜਾ ਰਿਹਾ ਹਾਂ ਤਾਂ ਜੋ ਸ਼ਬਦ ਸਭਿਆਚਾਰ ਦਾ ਪਸਾਰ ਹੋ ਸਕੇ।

ਉਨ੍ਹਾਂ ਦੱਸਿਆ ਕਿ ਜਿਵੇਂ ਡਾਃ ਪ੍ਰੇਮ ਪ੍ਰਕਾਸ਼ ਸਿੰਘ ਜੀ ਦਾ ਸਿਮਰਤੀ ਗਰੰਥ ਉਨ੍ਹਾਂ ਦੀ ਸੰਸਥਾ ਸਾਊਥ ਏਸ਼ੀਅਨ ਰੀਵੀਊ ਵੱਲੋਂ ਪ੍ਰਕਾਸ਼ਤਿ ਕੀਤਾ ਗਿਆ ਸੀ ਉਵੇਂ ਹੀ ਹੁਣ ਡਾਃ ਕਰਨੈਲ ਸਿੰਘ ਥਿੰਦ ਜੀ ਦੀ ਯਾਦ ਵਿੱਚ ਸਿਮਰਤੀ ਗਰੰਥ ਤਿਆਰ ਕੀਤਾ ਜਾ ਰਿਹਾ ਹੈ।

ਉਨ੍ਹਾਂ ਪਿਛਲੇ ਦਿਨੀਂ ਵਿੱਛੜੇ ਮਨੁੱਖੀ ਹੱਕਾਂ ਦੇ ਰਖਵਾਲੇ ਜਸਟਿਸ ਅਜੀਤ ਸਿੰਘ ਬੈਂਸ ਨਾਲ ਸਬੰਧਿਤ ਯਾਦਾਂ ਸਾਂਝੀਆਂ ਕਰਦਿਆਂ ਦੱਸਿਆ ਕਿ ਉਹ ਉਨ੍ਹਾਂ ਨੂੰ ਅਕਾਲ ਚਲਾਣਾ ਕਰਨ ਤੋਂ ਸਿਰਫ਼ ਪੰਜ ਦਿਨ ਪਹਿਲਾਂ ਹੀ ਮਿਲ ਕੇ ਆਏ ਸਨ ਅਤੇ ਉਨ੍ਹਾਂ ਤਿੰਨ ਮਹੀਨਿਆਂ ਤੀਕ ਸੌ ਸਾਲ ਦੀ ਉਮਰ ਪੂਰੀ ਕਰ ਲੈਣੀ ਸੀ।

ਗੁਰਭਜਨ ਗਿੱਲ ਨੇ ਸਃ ਭੁਪਿੰਦਰ ਸਿੰਘ ਮੱਲ੍ਹੀ ਦਾ ਧੰਨਵਾਦ ਕੀਤਾ ਜਿੰਨ੍ਹਾਂ ਨੇ ਉਨ੍ਹਾਂ ਦੀ ਗ਼ਜ਼ਲ ਪੁਸਤਕ ਦੋ ਹਰਫ਼ ਰਸੀਦੀ ਨੂੰ ਲੋਕ ਅਰਪਣ ਕਰਨ ਦਾ ਮਾਣ ਬਖ਼ਸ਼ਿਆ ਹੈ। ਉਨ੍ਹਾਂ ਸੁਝਾਅ ਦਿੱਤਾ ਕਿ ਕੈਨੇਡਾ ਅਮਰੀਕਾ ਤੇ ਹੋਰ ਪਰਦੇਸੀ ਧਰਤੀਆਂ ਤੇ ਵੱਸਦੇ ਪੰਜਾਬੀਆਂ ਨੂੰ ਮਾਂ ਬੋਲੀ ਵਿਕਾਸ ਲਈ ਆਪੋ ਆਪਣੇ ਘਰਾਂ ਵਿੱਚ ਨਿੱਕੀਆਂ ਨਿੱਕੀਆਂ ਲਾਇਬਰੇਰੀਆਂ ਵਿਕਸਤ ਕਰਨੀਆਂ ਚਾਹੀਦੀਆਂ ਹਨ ਤਾਂ ਜੋ ਅਗਲੀ ਪੀੜ੍ਹੀ ਆਪਣੇ ਵਿਰਾਸਤੀ ਮਾਣ ਨਾਲ ਅੱਗੇ ਵਧ ਸਕੇ।

ਇਸ ਮੌਕੇ ਸਃ ਚੰਦਨ ਸਿੰਘ ਮੱਲ੍ਹੀ ਤੇ ਸਰਬ ਅਕਾਲ ਫਾਉਂਡੇਸ਼ਨ ਕੈਨੇਡਾ ਦੇ ਭਾਰਤ ਵਿੱਚ ਪ੍ਰਤੀਨਿਧ ਗੁਰਵਿੰਦਰ ਸਿੰਘ ਨਾਮਧਾਰੀ ਵੀ ਹਾਜ਼ਰ ਸਨ।

ਮੀਟਿੰਗ ਵਿੱਚ ਵਿੱਛੜੇ ਮਹਾਨ ਪੰਜਾਬੀ ਖੋਜੀ ਲੋਕਧਾਰਾ ਵਿਦਵਾਨ ਡਾਃ ਕਰਨੈਲ ਸਿੰਘ ਥਿੰਦ, ਲੋਕ ਹੱਕਾਂ ਦੇ ਪਹਿਰੇਦਾਰ ਜਸਟਿਸ ਅਜੀਤ ਸਿੰਘ ਬੈਂਸ ਤੇ ਪੰਜਾਬੀ ਆਲੋਚਕ ਤੇ ਪ੍ਰਬੁੱਧ ਅਧਿਆਪਕ ਆਗੂ ਡਾਃ ਰਜਨੀਸ਼ ਬਹਾਦਰ ਸਿੰਘ ਸੰਪਾਦਕ ਪ੍ਰਵਚਨ ਦੇ ਵਿਛੋੜੇ ਤੇ ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਵੱਲੋਂ ਡੂੰਘੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਗਿਆ।

# ਕਾਂਗਰਸੀ ਵਰਕਰਾਂ ਵੱਲੋਂ ਕੌਂਸਲਰ ਦੀ ਪਤਨੀ ਦੀ ਫੋਟੋ ਖਿਚਣ ਉੱਤੇ ਬਖੇੜਾ

ਜਲੰਧਰ, 21 ਫਰਵਰੀ (ਪੋਸਟ ਬਿਊਰੋ)- ਦੇਰ ਸ਼ਾਮ ਚੋਣਾਂ ਖ਼ਤਮ ਹੁੰਦੇ ਸਾਰ ਸਥਾਨਕ ਮੁਹੱਲਾ ਗਾਜੀ ਗੁੱਲਾ ਕੋਲ ਵਾਰਡ ਨੰਬਰ 66 ਵਿੱਚ ਇੱਕ ਕਾਂਗਰਸੀ ਵਰਕਰ ਵੱਲੋਂ ਇੱਕ ਕੌਂਸਲਰ ਦੀ ਪਤਨੀ ਦੀ ਫੋਟੋ ਖਿੱਚਣ ਤੋਂ ਹੰਗਾਮਾ ਹੋ ਗਿਆ, ਜਿਸ ਕਾਰਨ ਕੌਂਸਲਰ ਦੇ ਸਮਰਥਨ ਵਿੱਚ ਭਾਰੀ ਮਾਤਰਾ ਵਿੱਚ ਲੋਕ ਇਕੱਠੇ ਹੋ ਗਏ ਅਤੇ ਕਾਂਗਰਸੀ ਵਰਕਰ



ਉੱਤੇ ਕਾਰਵਾਈ ਕਰਨ ਦੀ ਮੰਗ ਕੀਤੀ। ਸਥਿਤੀ ਤਣਾਅਪੂਰਨ ਹੋਣ ਦੀ ਸੂਚਨਾ ਮਿਲਦੇ ਸਾਰ ਥਾਣਾ ਨੰਬਰ 2 ਦੇ ਅਧਿਕਾਰੀ ਭਾਰੀ ਪੁਲਸ ਫੋਰਸ ਦੇ ਨਾਲ ਮੌਕੇ ਉੱਤੇ ਪਹੁੰਚੇ ਅਤੇ ਸਥਿਤੀ ਉੱਤੇ ਕਾਬੂ ਪਾਇਆ।

ਕੌਂਸਲਰ ਨੇ ਦੱਸਿਆ ਕਿ ਉਨ੍ਹਾਂ ਦੀ ਪਤਨੀ ਆਪਣੇ ਘਰ ਕੋਲ ਖੜ੍ਹੀ ਸੀ, ਇੰਨੇ ਵਿੱਚ ਇਲਾਕੇ ਦਾ ਇੱਕ ਕਾਂਗਰਸੀ ਵਰਕਰ ਉਨ੍ਹਾਂ ਦੀ ਪਤਨੀ ਦੀ ਫੋਟੋ ਖਿੱਚਣ ਲੱਗਾ। ਉਨ੍ਹਾਂ ਦੋਸ਼ ਲਾਇਆ ਕਿ ਉਨ੍ਹਾਂ ਦੀ ਪਤਨੀ ਕਿਸੇ ਬਜ਼ੁਰਗ ਨੂੰ ਪੋਲਿੰਗ ਬੂਥ ਤਕ ਵੋਟ ਪਾਉਣ ਲਈ ਲੈ ਕੇ ਗਈ ਤਾਂ ਕਾਂਗਰਸੀ ਵਰਕਰ ਨੇ ਉਨ੍ਹਾਂ ਦਾ ਪਿੱਛਾ ਕੀਤਾ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੀ ਪਤਨੀ ਨੇ ਉਨ੍ਹਾਂ ਨੂੰ ਫੋਨ ਕਰ ਕੇ ਉਥੋਂ ਉਨ੍ਹਾਂ ਨੂੰ ਸਾਰੀ ਜਾਣਕਾਰੀ ਦਿੱਤੀ ਜਿਸ ਦੀ ਰਿਕਾਰਡਿੰਗ ਉਨ੍ਹਾਂ ਕੋਲ ਹੈ ਤੇ ਉਕਤ ਰਿਕਾਰਡਿੰਗ ਉਨ੍ਹਾਂ ਨੇ ਪੁਲਸ ਨੂੰ ਸੁਣਾਈ ਹੈ। ਏ ਸੀ ਪੀ ਸੈਂਟਰਲ ਨੇ ਦੱਸਿਆ ਕਿ ਪੁਲਸ ਇਸ ਦੀ ਜਾਂਚ ਕਰ ਰਹੀ ਹੈ।












## ਅੱਜ ਨਾਮਾ

ਛਾ ਗਈ ਚੁੱਪ ਜਿਹੀ ਵੋਟਾਂ ਦੇ ਪੈਣ ਮਗਰੋਂ,
ਅੰਦਾਜ਼ੇ ਲਾਉਣ ਨੂੰ ਰੁੱਝ ਗਏ ਲੋਕ ਬੇਲੀ।
ਲੈ ਰਿਹਾ ਬਸਪਾ-ਅਕਾਲੀ ਦਾ ਪੱਖ ਕੋਈ,
ਦਾਅਵਾ ਕਰੇ ਪਿਆ ਹਿੱਕ ਨੂੰ ਠੋਕ ਬੇਲੀ।
ਦੂਸਰਾ ਮਾਨ ਭਗਵੰਤ ਦੀ ਸਿਫਤ ਕਰਦਾ,
ਕਹਿੰਦਾ ਮੂਹਰੇ ਨਹੀਂ ਓਸ ਦੇ ਰੋਕ ਬੇਲੀ।
ਤੀਸਰਾ ਨਾਂਅ ਜਪਦਾ ਹਾਲੇ ਕਾਂਗਰਸ ਦਾ,
ਸਾਰੀਆਂ ਦੇਂਦਾ ਦਲੀਲਾਂ ਉਹ ਝੋਕ ਬੇਲੀ।
ਮੀਣੀ ਮੁਸਕਣੀ ਦਿੱਸੇ ਪਿਆ ਭਾਜਪਾਈਆ,
ਆਪਣੀ ਚੁੱਪ ਨਹੀਂ ਰਿਹਾ ਉਹ ਤੋੜ ਬੇਲੀ।
ਜਿਸ ਵੀ ਪਾਰਟੀ ਦੇ ਵੇਖਿਆ ਆਗੂਆਂ ਨੂੰ,
ਗਿਣ ਰਹੇ ਸੀਟਾਂ ਦਾ ਸਿਰਫ ਨਿਚੋੜ ਬੇਲੀ।

**ਤੀਸ ਮਾਰ ਖਾਂ**

# ਪੰਜਾਬ ਵਿੱਚ ਵਿਧਾਨ ਸਭਾ ਚੋਣਾਂ ਦੇ ਅੰਤਮ ਅੰਕੜੇ ਮੁਤਾਬਕ 71.95 ਫੀਸਦ ਵੋਟਿੰਗ ਹੋਈ

*** ਗਿੱਦੜਬਾਹਾ ਵਿੱਚ ਸਭ ਤੋਂ ਵੱਧ 84.93 ਫੀਸਦ ਲੋਕਾਂ ਨੇ ਵੋਟ ਪਾਈ * ਅੰਮ੍ਰਿਤਸਰ ਪੱਛਮੀ ਵਿੱਚ ਸਭ ਤੋਂ ਘੱਟ 55.40 ਫੀਸਦ ਪੋਲਿੰਗ**



ਚੰਡੀਗੜ੍ਹ, 21 ਫਰਵਰੀ, (ਪੋਸਟ ਬਿਊਰੋ)- ਪੰਜਾਬ ਵਿਧਾਨ ਸਭਾ ਚੋਣਾਂ ਦੇ ਲਈ ਬੀਤੇ ਐਤਵਾਰ ਨੂੰ ਕੁੱਲ 2.14 ਕਰੋੜ ਵੋਟਰਾਂਵਿੱਚੋਂ 71.95 ਫੀਸਦ ਨੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕੀਤੀ ਹੈ।

ਇਸ ਬਾਰੇ ਅੰਤਿਮ ਅੰਕੜੇ ਜਾਰੀ ਕਰਦੇ ਵਕਤ ਪੰਜਾਬ ਦੇ ਮੁੱਖ ਚੋਣ ਅਫ਼ਸਰ (ਸੀਈਓ) ਪੰਜਾਬ ਡਾ. ਐਸ. ਕਰੁਣਾ ਰਾਜੂ ਨੇ ਅੱਜ ਦੱਸਿਆ ਕਿ ਪੰਜਾਬ ਦੇ ਸਾਰੇ 117 ਹਲਕਿਆਂ ਵਿੱਚੋਂ ਗਿੱਦੜਬਾਹਾ ਸਭ ਤੋਂ ਵੱਧ 84.93 ਫੀਸਦ ਪੋਲਿੰਗ ਹੋਈ ਹੈ, ਜਦ ਕਿ ਤਲਵੰਡੀ ਸਾਬੋ 83.70 ਫੀਸਦ ਨਾਲ ਦੂਸਰੇ ਥਾਂ ਅਤੇ ਸਰਦੂਲਗੜ੍ਹ 83.64 ਫੀਸਦ ਦੇ ਨਾਲਤੀਸਰੀ ਥਾਂ ਰਿਹਾ ਹੈ,ਪਰ ਅੰਮ੍ਰਿਤਸਰ ਪੱਛਮੀ ਹਲਕੇ ਵਿੱਚ ਸਭ ਤੋਂ ਘੱਟ (55.40 ਫੀਸਦ) ਪੋਲਿੰਗ ਹੋਈ। ਲੁਧਿਆਣਾ ਦੱਖਣੀ ਵਿੱਚ 59.04 ਫੀਸਦ ਤੇ ਅੰਮ੍ਰਿਤਸਰ ਕੇਂਦਰੀ ਹਲਕੇ ਵਿੱਚ 59.19ਫੀਸਦ ਵੋਟਿੰਗ ਹੋਈ ਹੈ। ਉਨ੍ਹਾ ਨੇਕਿਹਾ ਕਿ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਦੀਆਂ ਰਿਪੋਰਟਾਂਉਨ੍ਹਾ ਕੋਲਆ ਚੁੱਕੀਆਂ ਹਨ। ਉਨ੍ਹਾ ਦੱਸਿਆ ਕਿ ਚੋਣਾਂ ਦੇ ਦਿਨ ਪੰਜਾਬ ਦੇ 24740 ਪੋਲਿੰਗ ਸਟੇਸ਼ਨਾਂ ਤੋਂ 23 ਟਨ ਕੋਵਿਡ ਵੇਸਟ, ਜਿਸ ਵਿਚ ਪੀਪੀ ਈ ਕਿੱਟ, ਫੇਸ ਮਾਸਕ, ਦਸਤਾਨੇ, ਫੇਸ ਸ਼ੀਲਡ ਸ਼ਾਮਲ ਸਨ, ਇਕੱਠਾ ਕੀਤਾ ਅਤੇ ਹਰ ਜ਼ਿਲੇ ਵਿੱਚਪ੍ਰਦੂਸ਼ਣ ਕੰਟਰੋਲ ਬੋਰਡ ਵਲੋਂ ਨਿਯੁਕਤ ਕੀਤੇ ਜ਼ਿਲਾ ਨੋਡਲ ਅਫਸਰਾਂ ਦੀ ਮਦਦ ਨਾਲ ਬੜੇ ਸੁਚੱਜੇ ਅਤੇ ਵਾਤਾਵਰਣ ਪੱਖੀ ਢੰਗ ਨਾਲ ਨਸ਼ਟ ਕੀਤਾ ਗਿਆ ਹੈ।

ਅਮਨ-ਕਾਨੂੰਨ ਦੀ ਸਥਿਤੀ ਬਾਰੇ ਡਾ: ਕਰੁਣਾ ਰਾਜੂ ਨੇ ਕਿਹਾ ਕਿ ਚੋਣਾਂ ਵੇਲੇ ਮਾਮੂਲੀ ਘਟਨਾਵਾਂ ਹੋਈਆਂ ਹਨ ਤੇ ਕਿਸੇ ਵੀ ਮਾੜੀ ਘਟਨਾ ਬਾਰੇ ਪੋਲਿੰਗ ਵਾਲੇ ਦਿਨ ਕੁੱਲ 33 ਸ਼ਿਕਾਇਤਾਂਮਿਲੀਆਂ ਹਨ,ਜਿਨ੍ਹਾਂਵਿੱਚੋਂ 10 ਮਾਮੂਲੀ ਝੜਪਾਂ ਬਾਰੇ, 16 ਮਨਾਹੀ ਦੇ ਹੁਕਮਾਂ ਦੀ ਉਲੰਘਣਾ ਬਾਰੇ, ਤਿੰਨ ਚੋਣਾਂ ਵਿਰੁੱਧ ਅਪਰਾਧ, ਤਿੰਨ ਹੋਰ ਕੇਸਅਤੇ ਇੱਕ ਗੋਲੀਬਾਰੀ ਦੀ ਘਟਨਾ ਬਾਰੇ ਸੀ। ਉਨ੍ਹਾ ਦੱਸਿਆ ਕਿ ਐਤਵਾਰ ਸ਼ਾਮ 6 ਵਜੇ ਸ਼ਾਂਤਮਈ ਢੰਗ ਨਾਲ ਵੋਟਾਂ ਪੈਣ ਪਿੱਛੋਂ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈਵੀਐਮ) ਨੂੰ ਸਬੰਧਤ ਸਟਰਾਂਗ ਰੂਮਾਂ ਵਿੱਚ ਭੇਜ ਕੇ ਭਾਰਤੀ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਮੁਤਾ-ਬਕ 66 ਥਾਵਾਂ ਉਤੇ ਸਾਰੇ 117 ਸਟਰਾਂਗ ਰੂਮਸੀਲ ਕਰ ਕੇ ਕੇਂਦਰੀ ਹਥਿਆਰਬੰਦ ਪੁਲਿਸ ਫੋਰਸਾਂ (ਸੀਏਪੀਐੱਫ)ਅਤੇ ਪੰਜਾਬ ਪੁਲਿਸ ਨਾਲ ਤਿੰਨ-ਪੱਧਰੀ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ।

# ਲਖੀਮਪੁਰ ਖੇੜੀ ਕੇਸ ਵਿਚ ਮ੍ਰਿਤਕ ਕਿਸਾਨਾਂ ਦੇ ਪਰਿਵਾਰਾਂ ਵੱਲੋਂ ਆਸ਼ੀਸ਼ ਮਿਸ਼ਰਾ ਦੀ ਜ਼ਮਾਨਤ ਨੂੰ ਚੁਣੌਤੀ

ਨਵੀਂ ਦਿੱਲੀ, 21 ਫਰਵਰੀ, (ਪੋਸਟ ਬਿਊਰੋ)- ਪਿਛਲੇ ਸਾਲ ਤਿੰਨ ਅਕਤੂਬਰ ਨੂੰ ਉੱਤਰ ਪ੍ਰਦੇਸ਼ ਵਿੱਚ ਲਖੀਮਪੁਰ ਖੇੜੀ ਵਿੱਚਚਾਰ ਕਿਸਾਨਾਂ ਨੂੰ ਕਾਰ ਹੇਠ ਕੁਚਲ ਕੇ ਮਾਰਨ ਦੇ ਦੋਸ਼ੀ ਆਸ਼ੀਸ਼ ਮਿਸ਼ਰਾ ਦੀ ਜ਼ਮਾਨਤ ਦੇਵਿਰੁੱਧ ਸੁਪਰੀਮ ਕੋਰਟ ਵਿੱਚ ਇੱਕ ਹੋਰ ਪਟੀਸ਼ਨ ਦਾਇਰ ਹੋਈ ਹੈ। ਇਸ ਘਟਨਾ ਵਿੱਚ 8 ਲੋਕਾਂ ਦੀ ਮੌਤ ਹੋ ਗਈ ਸੀ।

ਭਾਰਤ ਦੇ ਕੇਂਦਰੀ ਗ੍ਰਹਿ ਰਾਜ ਮੰਤਰੀ ਅਜੈ ਮਿਸ਼ਰਾ ਟੈਨੀ ਦੇ ਪੁੱਤਰ ਆਸ਼ੀਸ਼ ਮਿਸ਼ਰਾ ਦੇ ਵਿਰੁੱਧ ਇਹ ਪਟੀਸ਼ਨ ਵਕੀਲ ਪ੍ਰਸ਼ਾਂਤ ਭੂਸ਼ਣ ਨੇ ਦਾਇਰ ਕੀਤੀ ਹੈ, ਜਿਸ ਵਿੱਚ ਉਨ੍ਹਾਂ ਕਿਹਾ ਕਿ ਹਾਈਕੋਰਟ ਨੇ ਦੋਸ਼ੀ ਨੂੰ ਜ਼ਮਾਨਤ ਦਿੰਦੇ ਸਮੇਂ ਅਪਰਾਧ ਦੀ ਗੰਭੀਰਤਾ ਵੱਲ ਧਿਆਨ ਨਹੀਂ ਦਿੱਤਾ। ਉਨ੍ਹਾ ਕਿਹਾ ਕਿ ਰਾਜ ਸਰਕਾਰ ਨੂੰ ਇਸ ਦੇ ਖਿਲਾਫ ਸੁਪਰੀਮ ਕੋਰਟ ਵਿੱਚ ਅਪੀਲ ਕਰਨੀ ਚਾਹੀਦੀ ਸੀ, ਪਰ ਉਸ ਨੇ ਅਜਿਹਾ ਨਹੀਂ ਕੀਤਾ। ਇਸ ਤੋਂ ਪਹਿਲਾਂ ਵਕੀਲ ਸ਼ਿਵ ਕੁਮਾਰ ਤ੍ਰਿਪਾਠੀ ਤੇ ਸੀਐਸ ਪਾਂਡਾ ਨੇ 17 ਫਰਵਰੀ ਨੂੰ ਇਸ ਜ਼ਮਾਨਤ ਦੇ ਵਿਰੁੱਧ ਪਟੀਸ਼ਨਾਂ ਦਾਇਰ ਕੀਤੀਆਂ ਸਨ। ਅਸ਼ੀਸ਼ ਮਿਸ਼ਰਾ ਨੂੰ ਇਲਾਹਾ-ਬਾਦ ਹਾਈ ਕੋਰਟ ਦੀ ਲਖਨਊ ਬੈਂਚ ਨੇ 10 ਫਰਵਰੀ ਨੂੰ ਜ਼ਮਾਨਤ ਦਿੱਤੀ ਸੀ।

3 ਅਕਤੂਬਰ ਨੂੰ ਉੱਤਰ ਪ੍ਰਦੇਸ਼ ਦੇ ਲਖੀਮਪੁਰ ਖੇੜੀ ਵਿੱਚ ਖੇਤੀਬਾੜੀ ਕਾਨੂੰਨਾਂ ਦਾ ਵਿਰੋਧ ਕਰਦੇ ਕਿਸਾਨਾਂ ਉੱਤੇ ਕਾਰ ਚੜ੍ਹਾ ਦਿੱਤੀ ਗਈ ਸੀ,ਜਿਸ ਕਾਰਨ ਕੁਝ ਕਿਸਾਨਾਂ ਤੇ ਸਥਾਨਕ ਪੱਤਰਕਾਰ ਰਮਨ ਕਸ਼ਯਪ ਦੀ ਮੌਤ ਹੋ ਗਈ ਸੀ। ਇਸ ਕਾਰਨ ਗੁੱਸੇ ਵਿੱਚ ਆਏ ਕਿਸਾਨਾਂ ਦੀ ਕੁੱਟਮਾਰ ਵਿੱਚਤਿੰਨ ਭਾਜਪਾ ਵਰਕਰਾਂ ਦੀ ਵੀ ਮੌਤ ਹੋ ਗਈ ਸੀ।

ਐਡਵੋਕੇਟ ਸ਼ਿਵ ਕੁਮਾਰ ਤ੍ਰਿਪਾਠੀ ਨੇ ਚੀਫ਼ ਜਸਟਿਸ ਐਨਵੀ ਰਾਮੰਨਾ ਨੂੰ ਪੱਤਰ ਭੇਜ ਕੇ ਇਸ ਘਟਨਾ ਦੇ ਬਾਰੇ ਜਾਣਕਾਰੀ ਦਿੱਤੀ ਸੀ, ਜਿਸ ਦਾ ਨੋਟਿਸ ਲੈਂਦਿਆਂ ਸੁਪਰੀਮ ਕੋਰਟ ਨੇ 17 ਨਵੰਬਰ ਨੂੰ ਸੁਣਵਾਈ ਵੇਲੇ ਹੁਕਮ ਦਿੱਤਾ ਸੀਅਤੇ ਇਸੇ ਤਹਿਤ ਸੁਪਰੀਮ ਕੋਰਟ ਨੇ ਜਾਂਚ ਲਈ ਵਿਸ਼ੇਸ਼ ਜਾਂਚ ਟੀਮ(ਐੱਸ ਆਈ ਟੀ) ਬਣਾਈ ਤੇ ਪੰਜਾਬ ਹਰਿਆਣਾ ਹਾਈ ਕੋਰਟ ਦੇ ਸਾਬਕਾ ਜੱਜ ਜਸਟਿਸ ਰਾਕੇਸ਼ ਕੁਮਾਰ ਜੈਨ ਨੂੰ ਜਾਂਚ ਦੀ ਨਿਗਰਾਨੀ ਦਾਜ਼ਿੰਮਾ ਸੌਂਪਿਆ ਸੀ।

ਆਸ਼ੀਸ਼ ਮਿਸ਼ਰਾ ਦੀ ਜ਼ਮਾਨਤ ਵਿਰੁੱਧ ਨਵੀਂ ਪਟੀਸ਼ਨ ਦਾਇਰ ਕਰਦਿਆਂ ਐਡਵੋਕੇਟ ਪ੍ਰਸ਼ਾਂਤ ਭੂਸ਼ਣ ਨੇ ਕਿਹਾ ਹੈ ਕਿ ਹਾਈ ਕੋਰਟ ਨੇ ਜ਼ਮਾਨਤ ਦਿੰਦੇ ਸਮੇਂ ਅਪਰਾਧ ਦੀ ਗੰਭੀਰਤਾ ਦਾ ਧਿਆਨ ਨਹੀਂ ਰੱਖਿਆ ਤੇ ਰਾਜ ਸਰਕਾਰ ਨੂੰ ਇਸ ਦੇ ਵਿਰੁੱਧ ਸੁਪਰੀਮ ਕੋਰਟ ਵਿੱਚ ਅਪੀਲ ਕਰਨੀ ਚਾਹੀਦੀ ਸੀ, ਪਰ ਉਸਨੇ ਅਜਿਹਾ ਨਹੀਂ ਕੀਤਾ।

# ਡੇਰਾ ਮੁਖੀ ਰਾਮ ਰਹੀਮ ਸਿੰਘ ਨੂੰ ਦਿੱਤੀ ਫਰਲੋ ਹਰਿਆਣਾ ਸਰਕਾਰ ਨੇ ਜਾਇਜ਼ ਠਹਿਰਾਈ

*** ਹਾਈ ਕੋਰਟ ਵਿੱਚ ਦਾਇਰ ਪਟੀਸ਼ਨ ਦਾ ਜਵਾਬ ਪੇਸ਼**



ਚੰਡੀਗੜ੍ਹ, 21 ਫਰਵਰੀ, (ਪੋਸਟ ਬਿਊਰੋ)- ਕਤਲ ਅਤੇ ਬਲਾਤਕਾਰ ਦੇ ਦੋਸ਼ਾਂ ਵਿੱਚ ਅਦਾਲਤ ਵੱਲੋਂ ਮਿਲੀ ਸਜ਼ਾ ਭੁਗਤ ਰਹੇ ਡੇਰਾ ਸੱਚਾ ਸੌਦਾ ਸਿਰਸਾ ਦੇ ਮੁਖੀ ਗੁਰਮੀਤ ਰਾਮ ਰਹੀਮ ਸਿੰਘ ਨੂੰ ਜੇਲ੍ਹ ਤੋਂ ਫਰਲੋ ਦੇਣ ਦੇ ਕੇਸ ਵਿੱਚਹਰਿਆਣਾ ਸਰਕਾਰ ਨੇ ਹਾਈ ਕੋਰਟ ਵਿੱਚ ਜਵਾਬ ਪੇਸ਼ ਕਰ ਕੇ ਇਸ ਨੂੰ ਜਾਇਜ਼ ਠਹਿਰਾਇਆ ਹੈ।

ਇਸ ਸੰਬੰਧ ਵਿੱਚ ਅੱਜ ਹਾਈ ਕੋਰਟ ਵਿੱਚ ਪੇਸ਼ ਕੀਤੇ ਜਵਾਬ ਵਿੱਚ ਹਰਿਆਣਾ ਸਰਕਾਰ ਨੇ ਕਿਹਾ ਕਿ ਸਿਰਸਾ ਦੇ ਸੱਚਾ ਸੌਦਾ ਡੇਰੇ ਦਾ ਮੁਖੀ ਰਾਮ ਰਹੀਮ ਸਿੰਘ ਕਤਲ ਦੇ ਜੁਰਮ ਵਿੱਚ ਸ਼ਾਮਲ ਨਹੀਂ, ਉਸ ਨੂੰਕਤਲ ਕਰਨ ਦੇ ਦੋਸ਼ੀ ਦੇ ਥਾਂਕਤਲ ਦੇ ਦੋਸ਼ੀਆਂ ਨਾਲ ਅਪਰਾਧਕ ਸਾਜ਼ਿਸ਼ ਰਚਣ ਦਾ ਦੋਸ਼ੀ ਮੰਨਿਆ ਗਿਆ ਸੀ ਤੇ ਉਹ ਹਾਰਡ ਕੋਰ ਅਪਰਾਧੀ ਵੀ ਨਹੀਂ, ਇਸ ਲਈ ਪੰਜ ਸਾਲ ਜੇਲ੍ਹ ਵਿੱਚ ਬਿਤਾਉਣ ਪਿੱਛੋਂ ਉਹ ਫਰਲੋ ਦਾ ਹੱਕਦਾਰ ਹੈ। ਵਰਨਣ ਯੋਗ ਹੈ ਕਿ ਡੇਰਾ ਸੱਚਾ ਸੌਦਾ ਦੇ ਮੁਖੀ ਗੁਰਮੀਤ ਰਾਮ ਰਹੀਮ ਨੂੰ 21 ਦਿਨਾਂ ਦੀ ਫਰਲੋ ਉੱਤੇਛੱਡਣ ਦੇ ਹਰਿਆਣਾ ਸਰਕਾਰ ਦੇ ਫ਼ੈਸਲੇ ਨੂੰ ਪੰਜਾਬ ਹਰਿਆਣਾ ਹਾਈ ਕੋਰਟ ਵਿੱਚ ਚੁਣੌਤੀ ਦਿੱਤੀ ਗਈ ਹੈ। ਇਸ ਉੱਤੇ ਸੁਣਵਾਈ ਦੌਰਾਨ ਸਰਕਾਰ ਵੱਲੋਂ ਪੇਸ਼ ਕੀਤੇ ਜਵਾਬ ਵਿੱਚ ਇਹ ਗੱਲ ਵੀ ਸਾਹਮਣੇ ਆਈ ਕਿ ਡੇਰਾ ਮੁਖੀ ਨੂੰ ਖਾਲਿਸਤਾਨ ਸਮਰਥਕਾਂ ਤੋਂ ਉੱਚ ਪੱਧਰ ਦਾ ਖ਼ਤਰਾ ਹੋਣ ਕਾਰਨ ਫਰਲੋ ਉੱਤੇ ਰਿਹਾਈ ਦੌਰਾਨ ਉਸਨੂੰ ਹਰਿਆਣਾ ਸਰਕਾਰ ਨੇ ਜ਼ੈੱਡ ਪਲੱਸ ਕੈਟੇਗਰੀ ਸੁਰੱਖਿਆ ਦਿੱਤੀ ਹੈ। ਰਾਮ ਰਹੀਮ ਸਿੰਘ ਜਿਹੜੀ ਸੁਨਾਰੀਆ ਜੇਲ੍ਹ ਵਿੱਚਸਜਾ ਕੱਟ ਰਿਹਾ ਸੀ, ਉਸ ਜੇਲ੍ਹ ਦੇ ਸੁਪਰਡੈਂਟ ਸੁਨੀਲ ਸਾਂਗਵਾਨ ਨੇ ਕੋਰਟ ਵਿੱਚ ਰਿਕਾਰਡ ਪੇਸ਼ ਕੀਤਾ ਤਾਂ ਪਤਾ ਲੱਗਾ ਕਿ ਡੇਰਾ ਮੁਖੀ ਦੀ ਰਿਹਾਈ ਦੀ ਪ੍ਰਕਿਰਿਆ ਐਡਵੋਕੇਟ ਜਨਰਲ (ਏਜੀ) ਦੀ ਕਾਨੂੰਨੀ ਰਾਏਨਾਲ ਕੀਤੀ ਸੀ ਅਤੇ 25 ਜਨਵਰੀ ਨੂੰ ਦਿੱਤੀ ਰਾਏ ਵਿੱਚ ਏਜੀ ਨੇਕਿਹਾ ਸੀ ਕਿ ਡੇਰਾ ਮੁਖੀ ਨੂੰ ਹਰਿਆਣਾ ਗੁੱਡ ਕੰਡਕਟ ਪ੍ਰਿਜ਼ਨਰਸ (ਆਰਜ਼ੀ ਰਿਹਾਈ) ਐਕਟ ਹੇਠ ਹਾਰਡ ਕੋਰ ਅਪਰਾਧੀ ਸ਼੍ਰੇਣੀ ਵਿੱਚ ਨਹੀਂ ਰੱਖਿਆ ਜਾ ਸਕਦਾ।

ਹਾਈ ਕੋਰਟਨੂੰ ਸੌਂਪੀ ਰਿਪੋਰਟ ਵਿੱਚਹਰਿਆਣਾ ਸਰਕਾਰ ਨੇ ਦਾਅਵਾ ਕੀਤਾ ਕਿ ਜੇ ਇਹ ਵੀ ਮੰਨ ਲਿਆ ਜਾਵੇ ਕਿ ਡੇਰਾ ਮੁਖੀ ਹਾਰਡ ਕੋਰ ਅਪਰਾਧੀ ਹੈ, ਫਿਰ ਵੀ ਉਸਨੂੰ ਫਰਲੋ ਉੱਤੇਰਿਹਾਈ ਦਾ ਹੱਕ ਹੈ, ਕਿਉਂਕਿ ਉਸਨੇ ਜੇਲ੍ਹ ਵਿੱਚ ਪੰਜ ਸਾਲ ਪੂਰੇ ਕਰ ਲਏ ਹਨ। ਅੱਜ ਸੋਮਵਾਰ ਇਸ ਕੇਸ ਉੱਤੇ ਸੁਣਵਾਈ ਨਹੀਂ ਹੋ ਸਕੀ, ਸਰਕਾਰ ਦੇ ਰਿਕ-ਾਰਡ ਅਤੇ ਜਵਾਬ ਉੱਤੇ ਬੁੱਧਵਾਰ ਨੂੰ ਪਟੀਸ਼ਨਰ ਧਿਰ ਆਪਣਾ ਜਵਾਬ ਪੇਸ਼ ਕਰੇਗੀ।

# ਪੰਜਾਬ ਦੀ ਬਸਪਾ ਦੇ ਪ੍ਰਧਾਨ ਉਤੇ ਦੋ ਵੋਟਾਂ ਬਣਾਉਣ ਦੇ ਦੋਸ਼

ਫਗਵਾੜਾ, 21 ਫਰਵਰੀ (ਪੋਸਟ ਬਿਊਰੋ)- ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਤੇ ਵਿਧਾਨ ਸਭਾ ਹਲਕਾ ਫਗਵਾੜਾ ਤੋਂ ਬਸਪਾ-ਅਕਾਲੀ ਗੱਠਜੋੜ ਦੇ ਸਾਂਝੇ ਉਮੀਦਵਾਰ ਜਸਬੀਰ ਸਿੰਘ ਗੜ੍ਹੀ ਉੱਤੇ ਦੋ ਵੋਟਾਂ ਬਣਵਾਉਣ ਦੇ ਦੋਸ਼ ਲੱਗੇ ਹਨ।ਕਾਂਗਰਸ ਦੇ ਲੀਗਲ ਸੈਲ ਦੇ ਜ਼ਿਲ੍ਹਾ ਐਡਵਾਈਜ਼ਰ ਕਰਨਜੋਤ ਸਿੰਘ ਝਿੱਕਾ ਦੇ ਮੁਤਾਬਕ ਜਸਬੀਰ ਸਿੰਘ ਗੜ੍ਹੀ ਨੇ ਇੱਕ ਵੋਟ ਪਿੰਡ ਗੜ੍ਹੀ ਕਾਨੂੰਗੋ ਤਹਿਸੀਲ ਬਲਾਚੌਰ ਸ਼ਹੀਦ ਭਗਤ ਸਿੰਘ ਨਗਰ ਵਿਖੇ ਬਣਵਾਈ ਹੈ ਤੇ ਇੱਕ ਵੋਟ ਫਗਵਾੜਾ ਦੇ ਖੇੜਾ ਪਿੰਡ ਵਿਖੇ ਬਣਾਈ ਹੋਈ ਹੈ, ਜਿਸ ਦੀ ਜਾਂਚ ਹੋਣੀ ਚਾਹੀਦੀ ਹੈ।

ਕਰਨਜੋਤ ਸਿੰਘ ਝਿੱਕਾ ਨੇ ਡਿਪਟੀ ਕਮਿਸ਼ਨਰ ਕਪੂਰਥਲਾ, ਐਸ ਡੀ ਐਮ ਫਗਵਾੜਾ, ਚੋਣ ਆਬਜ਼ਰਵਰ ਅਤੇ ਭਾਰਤ ਦੇ ਇਲੈਕਸ਼ਨ ਕਮਿਸ਼ਨ ਦੇ ਨਾਲ ਪੰਜਾਬ ਦੇ ਮੁੱਖ ਚੋਣ ਅਫਸਰ ਨੂੰ ਇਹ ਸ਼ਿਕਾਇਤ ਦਰਜ ਕਰਾਈ ਹੈ ਕਿ ਇੱਕ ਵਿਅਕਤੀ ਦੀਆਂ ਦੋ ਵੋਟਾਂ ਕਿਸ ਤਰ੍ਹਾਂ ਬਣਾਈਆਂ ਜਾ ਸਕਦੀਆਂ ਹਨ। ਇਸ ਸ਼ਿਕਾਇਤ ਹੇਠ ਜਸਵੀਰ ਸਿੰਘ ਗੜ੍ਹੀ ਉੱਤੇ ਬਣਦੀ ਕਾਰਵਾਈ ਕਰਨ ਦੀ ਮੰਗ ਕੀਤੀ ਗਈ ਹੈ। ਦੂਸਰੇ ਪਾਸੇ ਪੰਜਾਬ ਦੀ ਬਸਪਾ ਦੇ ਪ੍ਰਧਾਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਮੇਰੀ ਵੋਟ ਮੇਰੇ ਜੱਦੀ ਪਿੰਡ ਗੜ੍ਹੀ ਕਾਨੂੰਗੋ ਵਿਖੇ ਬਣੀ ਹੋਈ ਹੈ, ਜਿੱਥੇ ਮੈਂ ਆਪਣੀ ਵੋਟ ਦੀ ਵਰਤੋਂ ਕਰ ਕੇ ਆਇਆ ਹਾਂ। ਖੇੜਾ ਪਿੰਡ ਵਾਲੀ ਵੋਟ ਬਾਰੇ ਮੈਂ 24 ਜਨਵਰੀ ਨੂੰ ਲਿਖਤੀ ਸ਼ਿਕਾਇਤ ਕਰ ਚੁੱਕਾ ਹਾਂ ਤੇ ਸੱਤ ਨੰਬਰ ਲੋਕਲ ਫਾਰਮ ਬੀ ਐਲ ਓ ਨੂੰ ਦੇ ਦਿੱਤਾ ਗਿਆ ਅਤੇ ਇਲੈਕਸ਼ਨ ਐਪ ਉੱਤੇ ਵੀ ਇਸ ਵੋਟ ਬਾਰੇ ਸ਼ਿਕਾਇਤ ਦਰਜ ਕਰਵਾ ਚੁੱਕਾ ਹਾਂ। ਕਾਂਗਰਸੀ ਆਗੂਆਂ ਵੱਲੋਂ ਲਗਾਏ ਜਾ ਰਹੇ ਦੋਸ਼ ਬੇਬੁਨਿਆਦ ਹਨ।

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ',
ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia
#M08006400
416.677.0047

NEED A LAWYER ??
KAUR LAW OFFICE
Red Seal NOTARY
MANJEET KAUR
LL.B., (London UK)
Barrister, Solicitor & Notary Public
REAL ESTATE LAWYER
● Residential & Commercial
● Sale/Purchase of House
● Mortgage & Refinancing
● Drafting/Reviewing Agreements
● Title Transfer
● 2nd Mortgage
IMMIGRATION
Skilled Worker Category
Spousal & Family Sponsorship
● Student Permits Visa & Renewals
● PR Renewal/ Citizenship Application
FAMILY LAWYER
● Child & Spousal support
● Custody & Access
● Divorce
● Equalization
BUSINESS LAW
● Incorporation & Shareholder agreements
● Sales & Purchase of Assets & Shares
● Notarization & Affidavits
WILLS & ESTATE
● Wills
● Certificate of Estate Trustee with/without Will
● Power of attorney for Property & Personal Care
Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1

Grand Upholstery Ltd
Sofa Company Originality in Every Piece
Special on Sale
● ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
● ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
● ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
● ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 williams Pkway unit #45, Brampton, ON L6S 5T4 Email: grandupholsery@gmail.com

ਪੰਜਾਬੀ ਪੋਸਟ

Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| Founder Editor | Jagdish Singh Grewal |
| Managing Director | Parminder Kaur Grewal |
| Contributing Editors | Gyan Singh, |
| Office Admin | Sajandeep Singh |
| Graphic Designer | Angrez Singh |
| Photographer | Kanwaljit Singh Kanwal |
| Distributer Marketing: | Aman Warraich<br>Sajandeep Singh |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

## ਹਲਕਾ ਫੁਲਕਾ

ਮਰੀਜ਼, ''ਮੈਨੂੰ ਕੋਈ ਗੱਲ ਇੱਕ ਮਿੰਟ ਲਈ ਵੀ ਯਾਦ ਨਹੀਂ ਰਹਿੰਦੀ।''
ਡਾਕਟਰ, ''ਅਜਿਹਾ ਤੁਹਾਨੂੰ ਕਦੋਂ ਤੋਂ ਲੱਗਦਾ ਹੈ?''
ਮਰੀਜ਼, ''ਕੀ ਕਦੋਂ ਤੋਂ ਲੱਗਦਾ ਹੈ?''

*******

ਪਤੀ ਸ਼ਾਮ ਨੂੰ ਬਹੁਤ ਉਦਾਸ ਘਰ ਪਰਤਿਆ...
ਪਤਨੀ, ''ਕੀ ਹੋਇਆ ਜੀ?''
ਪਤੀ, ''ਅੱਜ ਸਾਡੇ ਆਫਿਸ ਦੀ ਬਿਲਡਿੰਗ ਡਿੱਗ ਗਈ ਅਤੇ ਸਭ ਲੋਕ ਮਾਰੇ ਗਏ, ਮੈਂ ਸਿਗਰਟ ਪੀਣ ਬਾਹਰ ਗਿਆ ਸੀ, ਇਸ ਲਈ ਬਚ ਗਿਆ।''
ਪਤਨੀ, ''ਚਲੋ ਸ਼ੁਕਰ ਹੈ ਰੱਬ ਦਾ।''
ਥੋੜ੍ਹੀ ਦੇਰ ਬਾਅਦ ਟੀ ਵੀ ਉੱਤੇ ਖਬਰ ਆਈ ਕਿ ਸਰਕਾਰ ਨੇ ਮ੍ਰਿਤਕਾਂ ਦੇ ਪਰਵਾਰਾਂ ਨੂੰ ਇੱਕ-ਇੱਕ ਕਰੋੜ ਰੁਪਏ ਦੇਣ ਦਾ ਐਲਾਨ ਕੀਤਾ ਹੈ...
ਉਸੇ ਵੇਲੇ ਪਤਨੀ ਗੁੱਸੇ ਵਿੱਚ ਬੋਲੀ, ''ਪਤਾ ਨਹੀਂ ਤੁਹਾਡੀ ਇਹ ਸਿਗਰਟ ਪੀਣ ਦੀ ਆਦਤ ਕਦੋਂ ਛੁੱਟੇਗੀ?''

*******



ਦੋ ਦੋਸਤ ਹੋਟਲ ਵਿੱਚ ਖਾਣਾ ਖਾ ਰਹੇ ਸਨ। ਇੱਕ ਬੋਲਿਆ, ''ਯਾਰ! ਅੱਜ ਤੂੰ ਮੇਰੀ ਮਾਂ ਬਣ ਜਾ ਅਤੇ ਆਪਣੇ ਹੱਥਾਂ ਨਾਲ ਮੇਰੀ ਪਲੇਟ ਵਿੱਚ ਖਾਣਾ ਪਰੋਸਦਾ ਜਾ।:
ਖਾਣਾ ਖਾਣ ਦੇ ਬਾਅਦ ਦੂਸਰਾ ਦੋਸਤ ਉਸ ਨੂੰ ਬੋਲਿਆ, ''ਤੂੰ ਮੇਰਾ ਬਾਪ ਬਣ ਜਾ ਤੇ ਮੇਰਾ ਬਿੱਲ ਭਰਦਾ ਜਾ।''

*******

ਪਤਨੀ (ਪਤੀ ਨੂੰ ਫ਼ੋਨ ਉੱਤੇ), ''ਤੁਸੀਂ ਕਿੱਥੇ ਹੋ, ਆਫਿਸ ਪਹੁੰਚ ਗਏ।''
ਪਤੀ, ''ਨਹੀਂ, ਮੇਰਾ ਐਕਸੀਡੈਂਟ ਹੋ ਗਿਆ ਤੇ ਮੇਰੀ ਲੱਤ ਟੁੱਟ ਗਈ ਹੈ।''
ਪਤਨੀ, ''ਅੱਛਾ ਤਾਂ ਠੀਕ ਹੈ ਟਿਫ਼ਨ ਦਾ ਧਿਆਨ ਰੱਖਣਾ, ਕਿਤੇ ਟੇਢਾ ਹੋ ਗਿਆ ਤਾਂ ਦਾਲ ਨਾ ਡੁੱਲ੍ਹ ਜਾਵੇ।''

# ਮੈਨੂੰ ਇਉਂ ਨਾ ਮਨੋਂ ਵਿਸਾਰ, ਵੇ ਮੈਂ ਤੇਰੀ ਮਾਂ ਦੀ ਬੋਲੀ ਆਂ

ਯੂਨੈਸਕੋ ਦੀ ਰਿਪੋਰਟ ਦੇ ਹਵਾਲੇ ਨਾਲ ਸਮੁੱਚੇ ਵਿਸ਼ਵ ਵਿੱਚ ਇਹ ਚਰਚਾ ਆਮ ਹੋ ਗਈ ਸੀ ਕਿ ਆਉਂਦੇ 50 ਸਾਲਾਂ ਵਿੱਚ ਪੰਜਾਬੀ ਭਾਸ਼ਾ ਦਾ ਵਜੂਦ ਖਤਮ ਹੋਣ ਦੀਆਂ ਸੰਭਾਵਨਾਵਾਂ ਹਨ। ਕੁਲਦੀਪ ਨਈਅਰ ਨੇ ਜਦੋਂ ਇਹ ਟਿੱਪਣੀ ਕੁਝ ਸਾਲ ਪਹਿਲਾਂ ਇਸ ਰਿਪੋਰਟ ਦੇ ਹਵਾਲੇ ਨਾਲ ਕੀਤੀ ਸੀ ਤਾਂ ਸਾਡੇ ਬਹੁਤੇ ਵਿਦਵਾਨਾਂ ਨੇ ਇਸ ਨੂੰ ਸੱਚ ਕਰ ਜਾਣਿਆ ਅਤੇ ਰਾਤੋ ਰਾਤ ਫਿਕਰਮੰਦੀ ਦੇ ਮਤੇ ਪਾਸ ਕਰਨ ਲੱਗ ਪਏ। ਘਰ ਘਰ ਫੂਹੜੀਆਂ ਵਿਛਾ ਕੇ ਬੈਠ ਗਏ। ਅੰਤਿਮ ਸੰਸਕਾਰ ਵਾਲੀ ਮਾਨਸਿਕਤਾ ਨਾਲ ਅਸੀਂ ਆਪਣੀ ਜ਼ੁਬਾਨ ਨਾਲ ਕੋਝਾ ਵਿਹਾਰ ਕਰਨ ਲੱਗੇ। ਕੁਝ ਸਿਆਣਿਆਂ ਨੇ ਰਿਪੋਰਟਾਂ ਫੋਲੀਆਂ ਤਾਂ ਗੱਲ ਵਿਚੋਂ ਇਹ ਨਿਕਲੀ ਕਿ ਜਿਹੜੀਆਂ ਭਾਸ਼ਾਵਾਂ ਖਤਰੇ ਅਧੀਨ ਹਨ ਉਨਾਂ ਵਿੱਚ ਪੰਜਾਬੀ ਦਾ ਵੀ ਨਾਂ ਬੋਲਦਾ ਹੈ। ਇਸ ਗੱਲ ਲਈ ਸਾਨੂੰ ਕਿਸੇ ਬਾਹਰਲੀ ਏਜੰਸੀ ਪਾਸੋਂ ਤਸਦੀਕ ਕਰਵਾਉਣ ਦੀ ਲੋੜ ਨਹੀਂ ਹੈ ਸਗੋਂ ਹਕੀਕਤ ਇਹ ਹੈ ਕਿ ਅਸੀਂ ਆਪਣੇ ਘਰਾਂ, ਪਰਿਵਾਰਾਂ, ਵਪਾਰਾਂ ਅਤੇ ਪਿਆਰਾਂ ਵਿੱਚੋਂ ਪੰਜਾਬੀ ਨੂੰ ਨਿਕਾਲਾ ਦੇ ਦਿੱਤਾ ਹੈ। ਤੁਸੀਂ ਦਿਨ ਚੜਨ ਤੋਂ ਸੂਰਜ ਅਸਤਣ ਤੀਕ ਆਪਣੀ ਜ਼ਿੰਦਗੀ ਨੂੰ ਖੁਦ ਵੇਖੋ। ਆਪਣੇ ਘਰ ਤੋਂ ਰੁਜ਼ਗਾਰ ਤੀਕ ਦੇ ਸਫਰ ਦੌਰਾਨ ਤੁਰਦੇ ਫਿਰਦੇ ਨਜ਼ਰ ਮਾਰੋ ਕਿ ਪੰਜਾਬੀ ਕਿਥੇ ਹੈ?

ਤੁਹਾਡੇ ਹੱਥ ਵਿੱਚ ਫੜਿਆ ਤੁਹਾਡਾ ਹੀ ਪਛਾਣ ਪੱਤਰ ਜਿਸ ਨੂੰ ਵਿਜ਼ਟਿੰਗ ਕਾਰਡ ਕਹਿੰਦੇ ਹੋ ਉਹ ਕਿਹੜੀ ਭਾਸ਼ਾ ਵਿੱਚ ਹੈ? ਤੁਹਾਡੇ ਘਰ ਦੀ ਨੰਬਰ ਪਲੇਟ ਅਤੇ ਨਾਮ ਕਿਸ ਭਾਸ਼ਾ ਵਿੱਚ ਹੈ? ਤੁਹਾਡੇ ਬੱਚਿਆਂ ਦੇ ਸਕੂਲ ਵਿੱਚ ਕਿਹੜੀ ਭਾਸ਼ਾ ਦੀ ਸਰਦਾਰੀ ਹੈ ? ਤੁਹਾਡਾ ਬੱਚਾ ਟੀ ਵੀ ਚੈਨਲ ਤੇ ਕਿਸ ਭਾਸ਼ਾ ਦੇ ਪ੍ਰੋਗਰਾਮ ਦੇਖਦਾ ਹੈ ਜੇਕਰ ਉਸ ਦਾ ਵੱਸ ਚੱਲੇ ਤਾਂ ਉਹ ਕਿਹੜੇ ਗੀਤਾਂ ਨੂੰ ਟੀ ਵੀ ਜਾਂ ਇੰਟਰਨੈੱਟ ਤੋਂ ਸੁਣਦਾ ਹੈ ? ਤੁਸੀਂ ਆਪਣੇ ਤੋਂ ਲੈ ਕੇ ਬੱਚਿਆਂ ਤੀਕ ਦੇ ਪਹਿਰਾਵੇ, ਲੀੜੇ ਕੱਪੜਿਆਂ ਦੇ ਨਾਂ ਸੋਚੋ, ਬਹੁਤੇ ਪੰਜਾਬੀ ਵਿੱਚ ਨਹੀਂ ਹਨ। ਅੰਗਰੇਜ਼ੀ ਜਾਂ ਕਿਸੇ ਹੋਰ ਜ਼ੁਬਾਨ ਤੋਂ ਆਏ ਹਨ। ਬੱਚਿਆਂ ਦੇ ਆਪਸੀ ਵਾਰਤਾਲਾਪ ਨੂੰ ਕਦੀ ਸੁਣਿਓ, ਓਹਲੇ ਬੈਠ ਕੇ। ਉਹ ਤੁਹਾਡੀ ਮਾਂ ਬੋਲੀ ਨੂੰ ਟਿੱਚ ਜਾਣਦੇ ਹਨ। ਉਨਾਂ ਕੋਲ ਆਪਣਾ ਅਨੁਭਵ ਹੈ ਅਤੇ ਉਸ ਅਨੁਭਵ ਦੀ ਭਾਸ਼ਾ ਹਿੰਦੀ ਜਾਂ ਅੰਗਰੇਜ਼ੀ ਬਣਾ ਦਿੱਤੀ ਗਈ ਹੈ। ਪੁੱਤਰ ਧੀਆਂ ਨੂੰ ਵਧੇਰੇ ਕਮਾਊ ਬਣਾਉਣ ਦੀ ਪ੍ਰਵਿਰਤੀ ਨੇ ਉਨਾਂ ਕੁਲੀਨ ਵਰਗ ਦੇ ਵਿਦਿਅਕ ਅਦਾਰਿਆਂ ਵਿੱਚ ਪੜਨ ਦੀ ਹੋੜ ਲਾ ਦਿੱਤੀ ਹੈ ਜਿਥੇ ਮਾਂ ਬੋਲੀ ਦਾ ਰੁਤਬਾ ਕਿਸੇ ਨੌਕਰਾਣੀ ਜਾਂ ਗੋਲੀ ਤੋਂ ਵੱਧ ਨਹੀਂ। ਹਕੀਕਤ ਇਹ ਹੈ ਕਿ ਬੱਚਾ ਜੰਮਣ ਸਾਰ ਮਾਪਿਆਂ ਦੀ ਇੱਛਾ ਵਿੱਚ ਇਹ ਗੱਲ ਬੁਰੀ ਤਰਾਂ ਘਰ ਕਰ ਜਾਂਦੀ ਹੈ ਕਿ ਬੱਚੇ ਨੂੰ ਕੀ ਬਣਾਉਣਾ ਹੈ। ਅੱਜਕਲ ਹਰ ਮਾਂ ਡਾਕਟਰ, ਇੰਜੀਨੀਅਰ ਜਾਂ ਬਹੁ ਕੌਮੀ ਕੰਪਨੀ ਦਾ ਮੈਨੇਜਰ ਜੰਮਦੀ ਹੈ ਜਿਸ ਦੀ ਤਨਖਾਹ ਪਹਿਲੀ ਨਿਯੁਕਤੀ ਤੇ ਹੀ ਘੱਟੋ ਘੱਟ ਲੱਖਾਂ ਰੁਪਏ ਹੋਵੇ। ਮਾਂਵਾਂ ਪੁੱਤਰ ਧੀਆਂ ਨਹੀਂ ਜੰਮਦੀਆਂ ਕਮਾਊ ਸੰਦ ਜੰਮਦੀਆਂ ਹਨ ਜਿਹੜੇ ਉਨਾਂ ਦੇ ਬੁਢਾਪੇ ਵੇਲੇ ਵੱਧ ਧਨ ਪ੍ਰਾਪਤੀ ਨਾਲ ਪਰਿਵਾਰਕ ਖੁਸ਼ਹਾਲੀ ਨੂੰ ਯਕੀਨੀ ਬਣਾ ਸਕਣ। ਇਥੋਂ ਹੀ ਭਾਸ਼ਾ ਦਾ ਘਾਣ ਸ਼ੁਰੂ ਹੁੰਦਾ ਹੈ।

ਵਿਰਸੇ ਦੀ ਮਮਤਾ ਪਾਲਣ ਵਾਲੇ ਲੋਕ ਇਹ ਗੱਲ ਜਾਣਦੇ ਹਨ ਕਿ ਪੰਘੂੜੇ ਤੋਂ ਲੈ ਕੇ ਮਾਂ ਬੋਲੀ ਹਰ ਪੈਰ ਤੇ ਤੁਹਾਡੇ ਅੰਗ ਸੰਗ ਰਹਿੰਦੀ ਹੈ ਪਰ ਇਹ ਰਿਸ਼ਤਾ ਤਾਂ ਹੀ ਨਿਭਦਾ ਹੈ ਜੇਕਰ ਮਾਪਿਆਂ ਨੇ ਆਪਣੇ ਜੀਵਨ ਵਿਹਾਰ ਵਿੱਚ ਆਪਣੀ ਮਾਂ ਬੋਲੀ ਲਈ ਸਤਿਕਾਰਯੋਗ ਥਾਂ ਰੱਖੀ ਹੋਈ ਹੈ। ਜੇਕਰ ਮਾਂ ਬੋਲੀ ਬੋਲਦੇ ਬੱਚੇ ਨੂੰ ਸਮਾਜਿਕ ਨਿਜ਼ਾਮ ਨੇ ਉਜੱਡ ਹੀ ਸਮਝਣਾ ਹੈ ਜਾਂ ਬੱਚੇ ਨੂੰ ਕੁਲੀਨ ਵਰਗ ਦੀ ਭਾਸ਼ਾ ਸਿਖਾਉਣ ਲਈ ਤੁਸੀਂ ਆਪਣੀ ਮਾਂ ਬੋਲੀ ਦੀ ਬਲੀ ਦੇਣੀ ਹੈ ਤਾਂ ਬਾਲ ਮਨ ਦੇ ਵਿਕਾਸ ਦੇ ਸਾਰੇ ਮੌਕੇ ਹੀ ਉਸ ਤੋਂ ਖੁੱਸ ਜਾਣੇ ਹਨ। ਮੁੱਢਲੀ ਗੱਲ ਇਹੀ ਹੈ ਕਿ ਜਦ ਤਕ ਬੱਚਾ ਅੱਖ਼ਰ ਗਿਆਨ ਦੇ ਲੜ ਨਹੀਂ ਲੱਗਦਾ ਓਨਾ ਚਿਰ ਉਸ ਦੀ ਕੋਰੀ ਤਖਤੀ ਤੇ ਹੋਰ ਭਾਸ਼ਾਵਾਂ ਦੇ ਘੁੱਗੂ ਘੋੜੇ ਨਾ ਵਾਹੋ। ਕੋਰੀ ਤਖਤੀ ਤੇ ਮਨਚਾਹੇ ਅੱਖ਼ਰ ਲਿਖਿਆ ਝਰੀਟਾਂ ਪੈਂਦੀਆਂ ਹਨ। ਪਰਿਵਾਰਕ ਮਾਹੌਲ ਵਿੱਚ ਹੀ ਮਾਂ ਬੋਲੀ ਦਾ ਸਤਿਕਾਰ ਬਣਾਈ ਰੱਖੋ। ਅੱਖਰਾਂ ਵੇਲੇ ਉਸ ਨੂੰ ਮਾਂ ਬੋਲੀ ਪੰਜਾਬੀ ਲਈ ਸਮਰੱਥ ਲਿੱਪੀ ਗੁਰਮੁਖੀ ਨਾਲ ਸ਼ਬਦ ਸਾਂਝ ਪੁਆਓ। ਪਿਆਰ ਦੀ ਭਾਸ਼ਾ ਮਾਂ ਬੋਲੀ ਹੀ ਹੁੰਦੀ ਹੈ ਜੇਕਰ ਤੁਸੀਂ ਪਿਆਰ ਦੀ ਭਾਸ਼ਾ ਸਿੱਖ ਜਾਓਗੇ ਤਾਂ ਰੁਜ਼ਗਾਰ ਦੀ ਕੋਈ ਵੀ ਭਾਸ਼ਾ ਸਿੱਖਣੀ ਤੁਹਾਡੇ ਲਈ ਹੋਰ ਵੀ ਆਸਾਨ ਹੋ ਜਾਵੇਗੀ। ਪਿਆਰ ਦੀ ਭਾਸ਼ਾ ਸਿੱਖਣ ਲਈ ਪੰਜਾਬ ਸਰਕਾਰ ਦੇ ਕਿਸੇ ਵੀ ਵਿਸੇਸ਼ ਨੋਟੀਫਿਕੇਸ਼ਨ ਦੀ ਲੋੜ ਨਹੀਂ ਨਾ ਹੀ ਜ਼ਿਲਾ ਪੱਧਰ ਦੀਆਂ ਕਮੇਟੀਆਂ ਬਣਾਉਣ ਦੀ ਲੋੜ ਹੈ? ਤੁਸੀਂ ਆਪ ਦੱਸੋ ਕਿ ਆਪਣੇ ਹੀ ਪੰਜਾਬ ਦੇ ਧੀਆਂ ਪੁੱਤਰਾਂ ਨੂੰ ਇਹ ਕਹਿਣਾ ਪਵੇ ਕਿ ਆਪਣੀ ਮਾਂ ਬੋਲੀ ਵਿੱਚ ਕੰਮ ਕਾਰ ਕਰਿਆ ਕਰੋ ਤਾਂ ਇਸ ਤੋਂ ਵੱਡੀ ਸਿਤਮ ਵਾਲੀ ਗੱਲ ਕਿਹੜੀ ਹੋਵੇਗੀ। ਅੱਗੋਂ ਪੁੱਤਰ ਧੀਆਂ ਇਹ ਆਖਣ ਕਿ ਪਹਿਲਾਂ ਸਾਡੇ ਲਈ ਸਖਤ ਕਾਨੂੰਨ ਬਣਾਓ, ਭਾਸ਼ਾ ਟ੍ਰਿਬਿਊਨਲ ਬਣਾਓ ਫਿਰ ਅਸੀਂ ਮਾਂ ਬੋਲੀ ਵਿੱਚ ਕੰਮ ਕਾਜ ਕਰਾਂਗੇ ਤਾਂ ਇਸ ਤੋਂ ਵੱਡੀ ਹਾਰ ਕੀ ਹੋਵੇਗੀ।

ਮੇਰੀ ਧਰਤੀ ਦੇ ਲੋਕਾਂ ਨੂੰ ਇਹ ਗੱਲ ਗੁਰੂ ਨਾਨਕ ਦੇਵ ਜੀ ਨੇ 500 ਸਾਲ ਪਹਿਲਾਂ ਆਖੀ ਸੀ ਕਿ ਰਾਜ ਕਰਨ ਵਾਲੇ ਲੋਕਾਂ ਅਤੇ ਪ੍ਰਮਾਰਥ ਵੇਚਣ ਵਾਲੇ ਲੋਕਾਂ ਨੇ ਹਮੇਸ਼ਾਂ ਭਾਸ਼ਾ ਦਾ ਓਹਲਾ ਰੱਖ ਕੇ ਹੀ ਸਧਾਰਣ ਬੰਦਿਆਂ ਨੂੰ ਲੁੱਟਿਆ ਹੈ। ਇਸੇ ਕਰਕੇ ਉਨਾਂ ਨੇ ਪ੍ਰਮਾਰਥ ਦੀ ਭਾਸ਼ਾ ਵੀ ਪੰਜਾਬੀ ਲੋਕ ਭਾਸ਼ਾ ਬਣਾ ਵਿਖਾਈ। ਗੁਰਬਾਣੀ ਵਿੱਚ ਪਵਿੱਤਰ ਸ਼ਬਦ ਆਮ ਸਧਾਰਣ ਆਦਮੀ ਲਈ ਕਲਿਆਣਕਾਰੀ ਵੀ ਇਸੇ ਕਰਕੇ ਹਨ ਕਿ ਇਨਾਂ ਵਿੱਚ ਕੋਈ ਓਹਲਾ ਨਹੀਂ। ਜੇਕਰ ਅਸੀਂ ਅੱਜ ਵੀ ਓਹਲੇ ਦੀ ਓਪਰੀ ਭਾਸ਼ਾ ਤਿਆਗ ਕੇ ਹਸਪਤਾਲਾਂ, ਕਚਿਹਰੀਆਂ, ਮਾਲ ਮਹਿਕਮੇ ਦੇ ਦਸਤਾਵੇਜ਼ਾਂ, ਆਮ ਕਾਰੋਬਾਰੀ ਅਦਾਰਿਆਂ ਅਤੇ ਵਰਤੋਂ ਵਿਹਾਰ ਵਿੱਚ ਪੰਜਾਬੀ ਦੀ ਖੁੱਲੀ ਡੁੱਲੀ ਵਰਤੋਂ ਕਰਨੀ ਸ਼ੁਰੂ ਕਰ ਦੇਈਏ ਤਾਂ ਯੂਨੈਸਕੋ ਦੀ ਰਿਪੋਰਟ ਨੂੰ ਝੁਠਲਾ ਸਕਦੇ ਹਾਂ। ਤੁਸੀਂ ਆਪ ਸੋਚੋ ਕਿ ਤੁਹਾਡੇ ਪੁੱਤਰਾਂ ਧੀਆਂ ਦੇ ਵਿਆਹਾਂ ਸ਼ਾਦੀਆਂ ਦੇ ਕਾਰਡ ਗਲਤ ਅੰਗਰੇਜ਼ੀ ਵਿੱਚ ਛਾਪਣੇ ਸਹੀ ਹਨ ਜਾਂ ਸਹੀ ਪੰਜਾਬੀ ਵਿੱਚ। ਪੰਜਾਬੀਆਂ ਦੀਆਂ ਰਿਸ਼ਤੇਦਾਰੀਆਂ ਦਾ ਤਾਣਾ ਬਾਣਾ ਪੰਜਾਬ ਵਿੱਚ ਹੀ ਤਾਂ ਹੈ। ਕਾਰਡ ਦਾ ਮਕਸਦ ਵੀ ਸਹੀ ਸੂਚਨਾ ਦੇਣਾ ਹੁੰਦਾ ਹੈ। ਜੇਕਰ ਅਸੀਂ ਆਪਣੇ ਨਾਨਕਿਆਂ ਦਾਦਕਿਆਂ ਭੂਆ ਮਾਸੀਆਂ ਅਤੇ ਹੋਰ ਰਿਸ਼ਤੇਦਾਰਾਂ ਨੂੰ ਆਪਣੀ ਜ਼ੁਬਾਨ ਵਿੱਚ ਹੀ ਸੁਨੇਹਾ ਨਹੀਂ ਦੇਵਾਂਗੇ ਤਾਂ ਹੋਰ ਕੌਣ ਦੇਵੇਗਾ? ਭਾਸ਼ਾ ਦਾ ਸਵੈਮਾਣ ਹੀ ਤੁਹਾਨੂੰ ਸਹੀ ਪੰਜਾਬੀ ਪੁੱਤਰ ਬਣਾ ਸਕੇਗਾ। ਪੰਜਾਬੀ ਹੀ ਨਹੀਂ ਕਿਸੇ ਵੀ ਖਿੱਤੇ ਦੀ ਮਾਂ ਬੋਲੀ ਵਿੱਚ ਇਹ ਸਮੱਰਥਾ ਹਮੇਸ਼ਾਂ ਹੀ ਰਹਿੰਦੀ ਹੈ ਕਿ ਉਹ ਤੁਹਾਡੇ ਸਰਬਪੱਖੀ ਵਿਕਾਸ ਲਈ ਨਾਲੋਂ ਨਾਲ ਤੁਰੇ। ਤੁਹਾਡੇ ਹਓਕਿਆਂ ਦੀ ਜ਼ੁਬਾਨ ਬਣੇ। ਤੁਹਾਡੇ ਫਿਕਰਾਂ ਨੂੰ ਖੁਸ਼ੀਆਂ ਨੂੰ ਮਨ ਦੇ ਚਾਵਾਂ ਅਤੇ ਹੁਲਾਰਿਆਂ ਨੂੰ ਮਾਂ ਬੋਲੀ ਹੀ ਖੰਭ ਲਾ ਸਕਦੀ ਹੈ। ਵਿਸ਼ਵ ਵਿੱਚ ਮਾਂ ਬੋਲੀ ਪੰਜਾਬੀ ਬੋਲਣ ਵਾਲਿਆਂ ਦੀ ਗਿਣਤੀ ਲਗਪਗ 13 ਕਰੋੜ ਗਿਣੀ ਜਾਂਦੀ ਹੈ ਜਿਨਾਂ ਵਿਚੋਂ ਭਾਵੇਂ ਗੁਰਮੁਖੀ ਅੱਖ਼ਰ ਜਾਨਣ ਵਾਲੇ ਵੀ ਤਿੰਨ ਕਰੋੜ ਦੇ ਨੇੜੇ ਤੇੜੇ ਹਨ ਪਰ ਪੰਜਾਬੀ ਭਾਸ਼ਾ ਵਿੱਚ ਕਿਸੇ ਵੀ ਕਿਤਾਬ ਦੀ ਛਪਣ ਸੰਖਿਆਂ 1100 ਤੋਂ ਵੱਧ ਨਹੀਂ। ਪੁਸਤਕ ਸਭਿਆਚਾਰ ਨਾਲ ਹੀ ਅਸੀਂ ਸ਼ਬਦ ਦੀ ਸਲਾਮਤੀ ਕਾਇਮ ਕਰ ਸਕਦੇ ਹਾਂ। ਭਾਸ਼ਾ ਉਦੋਂ ਮਰਦੀ ਹੈ ਜਦੋਂ ਉਸ ਦੇ ਪੁੱਤਰਾਂ ਧੀਆਂ ਦੀ ਸ਼ਬਦ ਨਾਲੋਂ ਸਾਂਝ ਟੁੱਟ ਜਾਵੇ। ਨਾਮਧਾਰੀ ਸਮਾਜ ਦੇ ਬਾਨੀ ਸਤਿਗੁਰ ਰਾਮ ਸਿੰਘ ਜੀ ਨੇ ਗੁਰਮੁਖੀ ਅੱਖਰ ਪੜਨੇ ਤੇ ਪੜਾਵਨੇ ਦਾ ਹੁਕਮਨਾਮਾ ਜਾਰੀ ਕੀਤਾ ਸੀ ਪਰ ਅੱਜ ਇਸ ਸਮਾਜ ਵਿੱਚ ਵੀ ਪੰਜਾਬੀ ਅਤੇ ਗੁਰਮੁਖੀ ਲਈ ਮੁਹੱਬਤ ਨੂੰ ਖੋਰਾ ਲੱਗ ਰਿਹਾ ਹੈ। ਭਾਸ਼ਾ ਕਿਸੇ ਧਰਮ ਜਾਤ ਜਾਂ ਗੋਤ ਦੀ ਮਲਕੀਅਤ ਨਹੀਂ ਹੁੰਦੀ ਸਗੋਂ ਖਿੱਤਾ ਵਿਸੇਸ਼ ਦੇ ਲੋਕਾਂ ਦੀ ਸਾਂਝੀ ਪੂੰਜੀ ਹੁੰਦੀ ਹੈ। ਪੰਜਾਬੀ ਨੂੰ ਸਿਰਫ ਸਿੱਖਾਂ ਦੀ ਭਾਸ਼ਾਂ ਕਹਿ ਕੇ ਤਿਆਗਣ ਵਾਲਿਆਂ ਨੂੰ ਇਹ ਗੱਲ ਕਦੇ ਵੀ ਨਹੀਂ ਵਿਸਾਰਨੀ ਚਾਹੀਦੀ ਕਿ ਪੰਜਾਬੀ ਭਾਸ਼ਾ ਦੇ ਮੁੱਢਲੇ ਲੇਖਕਾਂ ਵਿੱਚ ਈਸ਼ਵਰ ਚੰਦਰ ਨੰਦਾ, ਲਾਲਾ ਕਿਰਪਾ ਸਾਗਰ, ਬਿਹਾਰੀ ਲਾਲ ਪੁਰੀ, ਸ਼ਰਧਾ ਰਾਮ ਫਿਲੌਰੀ, ਧਨੀ ਰਾਮ ਚਾਤ੍ਰਿਕ, ਪ੍ਰੋ: ਬ੍ਰਿਜ ਲਾਲ ਸਾਸ਼ਤਰੀ, ਡਾ: ਵਿਦਿਆ ਭਾਸਕਰ ਅਰੁਣ, ਬਲਵੰਤ ਗਾਰਗੀ, ਦੇਵਿੰਦਰ ਸਤਿਆਰਥੀ ਵਰਗੇ ਮਹਾਨ ਵਿਅਕਤੀ ਕਿਸ ਪਿਛੋਕੜ ਵਿੱਚੋਂ ਆਏ ਸਨ। ਸ਼ਿਵ ਕੁਮਾਰ ਬਟਾਲਵੀ, ਮੋਹਨ ਭੰਡਾਰੀ, ਰਾਮ ਸਰੂਪ ਅਣਖੀ, ਓਮ ਪ੍ਰਕਾਸ਼ ਗਾਸੋ, ਕੇਵਲ ਸੂਦ, ਭੂਸ਼ਣ ਧਿਆਨਪੁਰੀ, ਕੇ ਐਲ ਗਰਗ, ਡਾ: ਲੋਕ ਨਾਥ ਆਦਿ ਵਰਗੇ ਸਿਰਜਣਹਾਰਿਆਂ ਨੇ ਆਪਣੀ ਧਰਤੀ ਦੀ ਜ਼ੁਬਾਨ ਨੂੰ ਕਿਵੇਂ ਸਿਖ਼ਰਾਂ ਤੇ ਪਹੁੰਚਾਇਆ ਹੈ। ਵੰਡੀਆਂ ਨਾਲ ਸ਼ਕਤੀ ਕਮਜ਼ੋਰ ਪੈਂਦੀ ਹੈ ਅਤੇ ਏਕੇ ਨਾਲ ਸਵਾਈ ਹੁੰਦੀ ਹੈ। ਆਓ ਆਪਣੀ ਮਾਂ ਬੋਲੀ ਪੰਜਾਬੀ ਦੇ ਵਿਕਾਸ ਲਈ ਸ਼ਬਦ ਸਭਿਆਚਾਰ ਦੀ ਉਸਾਰੀ ਹਿਤ ਪਿੰਡਾਂ ਵਿੱਚ ਲਾਇਬ੍ਰੇਰੀਆਂ ਦਾ ਢਾਂਚਾ ਉਸਾਰੀਏ। ਸਾਡੇ ਕੋਲ ਧਰਮਸਾਲ ਦਾ ਮਾਡਲ ਪਹਿਲਾਂ ਹੀ ਹਾਜ਼ਰ ਹੈ। ਧਰਮਸਾਲ ਓਨਾ ਚਿਰ ਸੰਪੂਰਨ ਨਹੀਂ ਜਿੰਨਾਂ ਚਿਰ ਉਸ ਵਿੱਚ ਪਾਠਸਾਲ, ਚਕਿਤਸਾਲ ਅਤੇ ਪੁਸਤਕਸਾਲ ਨਹੀਂ ਹੈ। ਧਰਮਸਾਲ ਅੱਜ ਦਾ ਗੁਰਦੁਆਰਾ, ਮੰਦਰ, ਗਿਰਜਾਘਰ ਜਾਂ ਮਸੀਤ ਹੈ। ਪਾਠਸਾਲ ਸਕੂਲ ਹੈ, ਚਕਿਤਸਾਲ ਹਸਪਤਾਲ ਹੈ ਅਤੇ ਪੁਸਤਕਸਾਲ ਲਾਇਬ੍ਰੇਰੀ ਹੈ। ਇਨਾਂ ਚਾਰ ਪਾਵਿਆਂ ਤੇ ਹੀ ਸਾਡਾ ਵਿਕਾਸ ਮਾਡਲ ਖੜਾ ਹੈ। ਇਨਾਂ ਵਿੱਚ ਸੁਮੇਲ ਕਰਨਾ ਪਵੇਗਾ ਫਿਰ ਕਿਸੇ ਅੰਤਰ ਰਾਸ਼ਟਰੀ ਏਜੰਸੀ ਨੂੰ ਇਹ ਕਹਿਣ ਦਾ ਮੌਕਾ ਨਹੀਂ ਮਿਲੇਗਾ ਕਿ ਪੰਜਾਬੀ ਭਾਸ਼ਾ ਮਰ ਰਹੀ ਹੈ। ਪੰਜਾਬੀ ਦੇ ਸ਼ਬਦ ਭੰਡਾਰ ਵਿੱਚ ਵਾਧੇ ਅਤੇ ਵਿਕਾਸ ਲਈ ਭਾਸ਼ਾ ਦੀ ਵਰਤੋਂ ਯੋਗਤਾ ਵਧਾਉਣੀ ਪਵੇਗੀ। ਨਿਰੰਤਰ ਮੋਹ ਅਤੇ ਮੁਹੱਬਤ ਦਾ ਰਿਸ਼ਤਾ ਸੁਰਜੀਤ ਕਰਕੇ ਹੀ ਅਸੀਂ ਆਪਣੀ ਮਾਂ ਬੋਲੀ ਸਮਰੱਥਾਵਾਨ ਸੁਆਣੀ ਬਣਾ ਸਕਾਂਗੇ। ਭਾਸ਼ਾ ਕੋਈ ਉਦਯੋਗਿਕ ਇਕਾਈ ਅੰਦਰ ਵਿਗਸਣ ਵਾਲੀ ਵਸਤੂ ਨਹੀਂ ਹੈ, ਇਸ ਦਾ ਉਤਪਾਦਨ ਨਹੀਂ ਹੁੰਦਾ। ਸ਼ਬਦਕੋਸ਼ ਜਿਉਂਦੀਆਂ ਭਾਸ਼ਾਵਾਂ ਦਾ ਖਜ਼ਾਨਾ ਤਾਂ ਹੁੰਦੇ ਹਨ ਪਰ ਇਨਾਂ ਨੂੰ ਕਬਰਾਂ ਨਾ ਬਣਾਈਏ। ਇਹ ਪੂੰਜੀ ਲਗਾਤਾਰ ਵਰਤਣ ਵਾਸਤੇ ਹੈ, ਸਿਰਫ ਸੰਭਾਲਣ ਵਾਸਤੇ ਨਹੀਂ। ਕਤਰੇ ਕਤਰੇ ਨਾਲ ਹੀ ਸਮੁੰਦਰ ਭਰਦਾ ਹੈ। ਆਓ ਪ੍ਰਣ ਕਰੀਏ ਕਿ ਮਾਂ ਬੋਲੀ ਪੰਜਾਬੀ ਦੇ ਵਿਕਾਸ ਲਈ ਕਿਸੇ ਹੋਰ ਧਿਰ ਦਾ ਸਾਥ ਲੱਭਣ ਦੀ ਥਾਂ ਖੁਦ ਹਿੰਮਤ ਕਰੀਏ। ਪੰਜਾਬੀ ਦੇ ਨਾਮਵਰ ਕਹਾਣੀਕਾਰ ਵਰਿਆਮ ਸਿੰਘ ਸੰਧੂ ਨੇ ਮੁੱਢਲੇ ਸਫਰ ਦੌਰਾਨ ਕੁਝ ਕਵਿਤਾਵਾਂ ਵੀ ਲਿਖੀਆਂ ਸਨ। ਉਨਾਂ ਦੀ ਇਕ ਕਵਿਤਾ ਦੇ ਬੋਲਾਂ ਨਾਲ ਮੈਂ ਆਪਣੀ ਗੱਲ ਮੁਕਾਉਂਦਾ ਹਾਂ:-

*ਕਿਸ ਨੂੰ ਉਡੀਕਦੇ ਹੋ,*
*ਗੋਬਿੰਦ ਨੇ ਹੁਣ ਪਟਨੇ ਚੋਂ ਨਹੀਂ*
*ਆਉਣਾ।*
*ਮਸਤਕ ਤੋਂ ਹੱਥ ਤਕ ਸਿੱਧਾ ਰਸਤਾ*
*ਕੇਸਗੜ ਦੇ ਮੈਦਾਨ ਨੂੰ ਜਾਂਦਾ ਹੈ।*

ਭਾਸ਼ਾ ਦੇ ਵਾਂਗ ਹੀ ਸਭਿਆਚਾਰ ਵੀ ਕਿਸੇ ਖਿੱਤਾ ਵਿਸੇਸ਼ ਦੀ ਪਛਾਣ ਅਤੇ ਸ਼ਕਤੀ ਹੁੰਦੀ ਹੈ ਪਰ ਭਾਸ਼ਾ ਜਿਥੇ ਨਿਸ਼ਚਿਤ ਸਰੂਪ ਦੀ ਧਾਰਨੀ ਹੁੰਦੀ ਹੈ ਉਥੇ ਸਭਿਆਚਾਰ ਕੋਈ ਸਥੂਲ ਵਸਤੂ ਦਾ ਨਾਮ ਨਹੀਂ ਹੈ। ਇਹ ਤਾਂ ਵਗਦੇ ਦਰਿਆ ਦੀ ਰਵਾਨੀ ਵਾਂਗ ਹੁੰਦਾ ਹੈ ਜਿਸ ਵਿੱਚ ਤਰਲਤਾ ਵੀ ਹੈ, ਲਹਿਰਾਂ ਵੀ, ਮਿੱਟੀ ਵੀ, ਅੱਥਰੂਆਂ, ਖੁਸ਼ੀਆਂ ਅਤੇ ਚਾਵਾਂ ਤੇ ਉਤਸ਼ਾਹਾਂ ਦਾ ਸੁਮੇਲ। ਸਭਿਆਚਾਰ ਵਰਿਆਂ ਦਾ ਗੁਲਾਮ ਨਹੀਂ ਹੁੰਦਾ ਅਤੇ ਨਾ ਹੀ ਸਮਾਕਾਲ ਦਾ ਮੁਣਸ਼ੀ ਹੁੰਦਾ ਹੈ। ਰੋਜ਼ਨਾਮਚਾ ਨਹੀਂ ਹੁੰਦਾ ਸਭਿਆਚਾਰ, ਇਹ ਤਾਂ ਕਿਸੇ ਵੀ ਧਰਤੀ ਤੇ ਲੋਕਾਂ ਦੀ ਜੀਵਨ ਧੜਕਣ ਦੀ ਮਹਿਕ ਹੁੰਦੀ ਹੈ। ਖਿੱਤਾ ਵਿਸ਼ੇਸ਼ ਦੀ ਸ਼ਕਤੀ, ਵਿਸੇਸ਼ ਧਰਤੀ ਤੇ ਵਸਦੇ ਲੋਕਾਂ ਦਾ ਸੰਘਰਸ਼ ਥੁੜਾਂ, ਤੰਗੀਆਂ-ਤੁਰਸ਼ੀਆਂ ਅਤੇ ਨਿਰੰਤਰ ਤੁਰਨ ਦਾ ਅੰਦਾਜ਼। ਪੰਜਾਬੀ ਲੋਕਾਂ ਨੂੰ ਆਪਣੇ ਸਭਿਆਚਾਰ ਤੇ ਮਾਣ ਤਾਂ ਹੈ ਪਰ ਇਸ ਬਾਰੇ ਚੇਤਨਾ ਗੈਰ ਹਾਜ਼ਰ ਹੈ।

ਬਹੁਤੇ ਲੋਕ ਨੱਚਣ ਗਾਉਣ ਅਤੇ ਰੰਗ ਬਰੰਗੇ ਪਹਿਰਾਵਿਆਂ ਤੀਕ ਹੀ ਸਭਿਆਚਾਰ ਨੂੰ ਸੀਮਤ ਕਰ ਲੈਂਦੇ ਹਨ। ਇਹ ਤਾਂ ਫੁਲਕਾਰੀ ਦੇ ਨਮੂਨਿਆਂ ਵਿਚੋਂ ਇਕ ਰੰਗ ਦਾ ਧਾਗਾ ਹੋ ਸਕਦਾ ਹੈ ਪਰ ਸਮੁੱਚੀ ਫੁਲਕਾਰੀ ਤਾਂ ਸਾਰੇ ਰੰਗਾਂ ਦੇ ਸੁਮੇਲ ਨਾਲ ਹੀ ਬਣਦੀ ਹੈ। ਪੰਜਾਬੀ ਸਭਿਆਚਾਰ ਦੀ ਸ਼ਕਤੀ ਸ਼ਬਦ ਵਿੱਚ ਹੈ। ਸ਼ਬਦ ਸਾਡਾ ਗੁਰੂ ਹੈ। ਰਿਗਵੇਦ ਤੋਂ ਲੈ ਕੇ ਅੱਜ ਦੇ ਸਿਰਜਕਾਂ ਤੀਕ ਸ਼ਬਦ ਦੀ ਸਰਦਾਰੀ ਸਾਡੇ ਸਾਹਾਂ ਸਵਾਸਾਂ ਵਿੱਚ ਵਸਦੀ ਹੈ। ਇਹ ਗੱਲ ਵੱਖਰੀ ਹੈ ਕਿ ਟੈਲੀਵੀਜ਼ਨ ਅਤੇ ਫਿਲਮਾਂ ਰਾਹੀਂ ਸੌਖੀ ਹਜ਼ਮ ਹੋਣ ਵਾਲੀ ਤਕਨਾਲੋਜੀ ਕਾਰਨ ਪੁਸਤਕ ਸਭਿਆਚਾਰ ਹੌਲੀ ਹੌਲੀ ਦਮ ਤੋੜ ਰਿਹਾ ਹੈ ਪਰ ਇਹ ਗੱਲ ਕਦੇ ਨਾ ਭੁਲਾਇਓ ਕਿ ਹਰ ਗਿਆਨ ਅਤੇ ਟੈਕਨਾਲੋਜੀ ਦੀ ਮਾਂ ਪੁਸਤਕ ਹੀ ਹੈ।

ਬਾਲ ਨੂੰ ਮਾਂ ਵੱਲੋਂ ਦਿੱਤੀ ਲੋਰੀ ਤੋਂ ਲੈ ਕੇ ਉਸ ਦੇ ਹੱਥ ਵਿੱਚ ਡੰਗੋਰੀ ਫੜਨ ਤੀਕ ਸਾਰਾ ਸਫ਼ਰ ਵੇਖੋ। ਗੋਦੀ ਵਿੱਚ ਪਾ ਕੇ ਬੱਚੇ ਨੂੰ ਮਾਂ ਥਾਪੜਦੀ ਹੈ, ਇਹ ਤਾਲ ਹੈ ਜੋ ਮੂੰਹ ਨਾਲ ਅਲਾਪਦੀ ਹੈ ਉਸ ਸੁਰ ਹੈ। ਸਾਡੀਆਂ ਮਾਵਾਂ ਨੇ ਕਿਸੇ ਉਸਤਾਦ ਸੰਗੀਤਕਾਰ ਤੋਂ ਇਹਦੀ ਸਿਖਲਾਈ ਨਹੀਂ ਲਈ ਹੁੰਦੀ ਸਗੋਂ ਸਹਿਜ ਸੁਭਾਅ ਸੰਗੀਤ ਸਾਡੇ ਸਾਹਾਂ ਵਿੱਚ ਨਿਵਾਸ ਕਰਦਾ ਹੈ। ਓਹੀ ਅੱਗੇ ਤੁਰ ਕੇ ਬੱਚੇ ਵਿੱਚ ਪ੍ਰਵੇਸ਼ ਕਰ ਜਾਂਦਾ ਹੈ। ਅੱਜ ਦੀ ਮਸ਼ੀਨੀ ਦੌੜ ਨੇ ਮਾਵਾਂ ਕੋਲੋਂ ਇਹ ਮੌਕੇ ਖੋਹ ਲਏ ਹਨ। ਜਿਹੜੀਆਂ ਮਾਵਾਂ ਬੱਚੇ ਨੂੰ ਗੋਦੀ ਪਾ ਕੇ ਨੀਂਦਰ ਰਾਣੀ ਲਿਆਉਣ ਲਈ ਇਹ ਵਿਧੀ ਅੱਜ ਨਹੀਂ ਵਰਤਦੀਆਂ ਉਨਾਂ ਦੇ ਬਾਲਾਂ ਦੀ ਮਾਨਸਿਕਤਾ ਵਿੱਚ ਤਰਲਤਾ ਦੀ ਗੈਰ ਹਾਜ਼ਰੀ ਯਕੀਨੀ ਹੈ। ਨੌਕਰਾਂ ਚਾਕਰਾਂ ਕੋਲ ਪਲੇ ਬਾਲ ਫਿਰ ਸਕੂਲਾਂ ਦੇ ਹੋਸਟਲਾਂ ਵਿੱਚ ਗੱਭਰੂ ਹੋਏ ਬੱਚੇ ਤੋਂ ਜਵਾਨ ਬਣੇ ਵਿਅਕਤੀ ਕੋਲੋਂ ਤੁਸੀਂ ਹੱਥਾਂ ਦੀਆਂ ਤਲੀਆਂ ਵਿੱਚ ਗਿੱਧੇ ਅਤੇ ਪੈਰਾਂ ਵਿੱਚ ਭੰਗੜੇ ਦੀ ਆਸ ਨਹੀਂ ਰੱਖ ਸਕਦੇ। ਅਮਜ਼ਦ ਅਲੀ ਖਾਨ ਦਾ ਸਰੋਦਵਾਦਨ ਹੋਵੇ ਜਾਂ ਉਸਤਾਦ ਵਿਲਾਇਤ ਖਾਂ ਸਾਹਿਬ ਦਾ ਸਿਤਾਰ ਵਾਦਨ ਉਸ ਲਈ ਕਾਲਾ ਅੱਖਰ ਮੱਝ ਬਰਾਬਰ ਹੀ ਰਹੇਗਾ। ਪਰਿਵਾਰ ਵਿੱਚ ਸਭਿਆਚਾਰ ਦੀ ਗੁੜਤੀ ਸਾਨੂੰ ਸਿਰਫ ਕਿਤਾਬਾਂ ਦੇ ਸਬਕ ਨਹੀਂ ਦਿੰਦੇ ਸਗੋਂ ਬਹੁਤ ਕੁਝ ਅਸੀਂ ਆਪਣੇ ਵਿਹਾਰ ਰਾਹੀਂ ਅਗਲੀ ਪੀੜੀ ਨੂੰ ਸੌਂਪਣਾ ਹੁੰਦਾ ਹੈ। ਬੱਚੇ ਨੂੰ ਬੱਚਾ ਨਾ ਸਮਝੋ, ਉਸ ਦੀਆਂ ਦੋ ਅੱਖਾਂ ਨੂੰ ਅੱਖਾਂ ਨਾ ਸਮਝੋ । ਉਹ ਦੋ ਕੈਮਰੇ ਲਈ ਫਿਰਦਾ ਹੈ ਜੋ ਤੁਹਾਡੇ ਹਰ ਹਰਕਤ ਨੂੰ ਆਪਣੇ ਮਨ ਦੀ ਹਾਰਡ ਡਿਸਕ ਵਿੱਚ ਜਮਾਂ ਕਰੀ ਜਾਂਦਾ ਹੈ। ਇਸ ਡਿਸਕ ਵਿੱਚ ਕਦੇ ਵਾਇਰਸ ਨਹੀਂ ਆਉਂਦਾ । ਚੇਤ ਅਚੇਤ ਇਹ ਸਮਾਂ ਪੈਣ ਤੇ ਹਾਜ਼ਰ ਨਾਜ਼ਰ ਹੋ ਜਾਂਦਾ ਹੈ ਜਿਸ ਨੂੰ ਅਸੀਂ ਆਮ ਭਾਸ਼ਾ ਵਿੱਚ ਮਾਂ ਪਰ ਪੂਤ ਪਿਤਾ ਪਰ ਘੋੜਾ, ਬਹੁਤਾ ਨਹੀਂ ਤੇ ਥੋੜਾ ਥੋੜਾ ਆਖਦੇ ਹਾਂ। ਉਹ ਇਹੀ ਵਿਹਾਰ ਹੈ ਜੋ ਬੱਚਾ ਮਾਂ-ਬਾਪ ਤੋਂ ਹਾਸਲ ਕਰਦਾ ਹੈ ਅਤੇ ਅਗਲੀ ਪੁਸ਼ਤ ਤੀਕ ਲੈ ਕੇ ਜਾਂਦਾ ਹੈ।

ਆਮ ਲੋਕ ਇਸ ਗੱਲ ਵਿੱਚ ਫਖਰ ਮਹਿਸੂਸ ਕਰਦੇ ਹਨ ਕਿ ਮੈਂ ਹੱਥੀਂ ਕੋਈ ਕੰਮ ਨਹੀਂ ਕਰਦਾ। ਕਿਰਤ ਸਭਿਆਚਾਰ ਸਾਡੀ ਸ਼ਕਤੀ ਨਾ ਹੁੰਦੀ ਤਾਂ ਗੁਰੂ ਨਾਨਕ ਦੇਵ ਜੀ ਨੇ ਕਰਤਾਰਪੁਰ ਦੇ ਖੇਤਾਂ ਵਿੱਚ ਵਾਹੀ ਨਹੀਂ ਸੀ ਕਰਨੀ। ਉਨਾਂ ਨੇ ਕਿਰਤ ਦਾ ਸਬਕ ਪੜਾਉਣ ਲਈ ਕਰਤਾਰਪੁਰ ਨੂੰ ਹੀ ਕਿਤਾਬ ਬਣਾ ਦਿੱਤਾ। ਪੰਜ ਸਦੀਆਂ ਤੋਂ ਵਧ ਸਮਾਂ ਬੀਤ ਚੁੱਕਾ ਹੈ । ਅਸੀਂ ਇਸ ਕਿਤਾਬ ਨੂੰ ਜਿੰਨਾ ਜਿੰਨਾ ਪੜਿਆ ਹੈ ਉਨਾ ਉਨਾ ਹੀ ਸੁਖ ਪਾਇਆ ਹੈ। ਜਿਸ ਥਾਂ ਤੇ ਗੁਰੂ ਨਾਨਕ ਦੇਵ ਜੀ ਨੇ ਕਾਰ ਨੂੰ ਇਕ ਕਿਹਾ ਸੀ ਉਸ ਥਾਂ ਤੇ ਜਾਓ। ਸੁਲਤਾਨਪੁਰੀ ਲੋਧੀ ਦੀ ਧਰਤੀ ਉਪਰੋਂ ਵਹਿੰਦੀ ਕਾਲੀ ਬੇਈਂ ਸਾਡੀਆਂ ਕਾਲੀਆਂ ਕਰਤੂਤਾਂ ਦਾ ਕੱਚਾ ਚਿੱਠਾ ਬੋਲ ਬੋਲ ਕੇ ਸੁਣਾਉਂਦੀ ਹੈ। ਕਿਵੇਂ ਵਿਰਸੇ ਨਾਲ ਖਿਲਵਾੜ ਕੀਤਾ ਹੈ ਅਸੀਂ। ਗੰਦਾ ਨਾਲਾ ਬਣਾ ਧਰਿਆ ਹੈ ਅਸਾਂ ਨਿਰਮਲ ਨੀਰ ਦਾ ਅਲੌਕਿਕ ਸੋਮਾ। ਧਰਮ ਦੇ ਨਾਂ ਤੇ ਬਣੀਆਂ ਸੰਸਥਾਵਾਂ ਅਤੇ ਅਦਾਰਿਆਂ ਦਾ ਮਲ ਮੂਤਰ ਵੀ ਜੇ ਇਸੇ ਪਵਿੱਤਰ ਸੋਮੇ ਵਿੱਚ ਪੈਣੋਂ ਰੋਕਣ ਲਈ ਕਿਸੇ ਬਲਬੀਰ ਸਿੰਘ ਸੀਚੇਵਾਲ ਵਰਗੇ ਮਹਾਂਪੁਰਸ਼ ਨੂੰ ਸੰਘਰਸ਼ ਕਰਨਾ ਪਵੇ ਤਾਂ ਇਸ ਤੋਂ ਵੱਧ ਨਮੋਸ਼ੀ ਵਾਲੀ ਗੱਲ ਕੀ ਹੋਵੇਗੀ। ਅਸੀਂ ਸਭਿਆਚਾਰ ਨੂੰ ਸਿਰਫ ਮੰਚ ਪੇਸ਼ਕਾਰੀਆਂ ਤੀਕ ਸੀਮਤ ਕਰ ਲਿਆ ਹੈ ਜਦ ਕਿ ਸਾਡਾ ਸਭਿਆਚਾਰ ਪੌਣ ਨੂੰ ਗੁਰੂ ਮੰਨਣਾ ਹੈ, ਪਾਣੀ ਨੂੰ ਪਿਤਾ ਮੰਨਣਾ ਹੈ, ਧਰਤੀ ਨੂੰ ਮਾਤਾ ਮੰਨਣਾ ਹੈ । ਜਿਸ ਨੂੰ ਦਿਨ ਤੇ ਰਾਤ ਦੋ ਖਿਡਾਵੀ ਖਿਡਾਵੇ ਬਣ ਕੇ ਸਾਨੂੰ ਸਭ ਨੂੰ ਖਿਡਾਉਂਦੇ ਹਨ। ਅਸੀਂ ਸ਼ਬਦ ਤਾਂ ਪੜਦੇ ਹਾਂ ਪਰ ਉਸ ਨੂੰ ਜੀਵਨ ਧਾਰਾ ਵਿੱਚ ਲਾਗੂ ਨਹੀਂ ਕਰਦੇ।

ਗਰੀਬ ਦਾ ਮੂੰਹ ਗੁਰੂ ਦੀ ਗੋਲਕ ਬਹੁਤ ਵਾਰ ਸੁਣਿਆ ਹੈ ਪਰ ਇਸ ਤੇ ਅਮਲ ਕਰਨ ਵਾਲੇ ਵਿਰਲੇ ਹਨ। ਭਗਤ ਪੂਰਨ ਸਿੰਘ ਹੋਵੇ ਜਾਂ ਇਸ ਤੋਂ ਪਹਿਲਾਂ ਭਾਈ ਘਨੱਈਆ, ਗੁਰੂ ਦੇ ਇਨਾਂ ਸਿੰਘਾਂ ਨੇ ਆਪਣੇ ਇਸ਼ਟ ਦੀ ਹੁਕਮ ਪਾਲਣਾ ਇਸ ਅੰਦਾਜ਼ ਨਾਲ ਹੀ ਕੀਤੀ ਹੈ। ਜੰਗ ਵਿੱਚ ਜ਼ਖ਼ਮੀ ਨੂੰ ਪਾਣੀ ਦੇਣ ਵੇਲੇ ਧਰਮ ਦਾ ਨਿਸ਼ਾਨ ਵੇਖਣ ਵਾਲਾ ਗੁਰੂ ਦਾ ਸਿੱਖ ਨਹੀਂ ਹੁੰਦਾ। ਭਾਈ ਘਨੱਈਆ ਇਸੇ ਕਰਕੇ ਸਾਡੇ ਸਭਿਆਚਾਰ ਦੀ ਸ਼ਕਤੀ ਵਜੋਂ ਉੱਭਰਦਾ ਹੈ। ਭਗਤ ਪੂਰਨ ਸਿੰਘ ਵਰਗੇ ਨਿਰਛਲ, ਨਿਰਕਪਟ ਅਤੇ ਨਿਰਵਿਕਾਰ ਵਿਅਕਤੀ ਮਾਵਾਂ ਰੋਜ਼ ਨਹੀਂ ਜੰਮਦੀਆਂ। ਧਰਤੀ ਦੇ ਇਨਾਂ ਸੁਲੱਗ ਪੁੱਤਰਾਂ ਕਾਰਨ ਹੀ ਪੰਜਾਬ ਦੀ ਦਸਤਾਰ ਦਾ ਸ਼ਮਲਾ ਪੂਰੇ ਵਿਸ਼ਵ ਵਿੱਚ ਦੂਰੋਂ ਦਿਸਦਾ ਹੈ। ਸਰਮਾਇਆ ਬੜੇ ਲੋਕਾਂ ਕੋਲ ਹੈ ਪਰ ਦਿਲਾਂ ਵਿੱਚ ਗਰੀਬੀ ਵੀ ਕਮਾਲ ਦੀ। ਆਪਣੇ ਘਰਾਂ ਦੇ ਅੰਦਰ ਅੰਦਰ ਹੀ ਉਹ ਸਭਿਆਚਾਰ ਦੇ ਰਾਖੇ ਹਨ ਪਰ ਘਰ ਦੀ ਬਾਹਰਲੀ ਦੀਵਾਰ ਦੇ ਨਾਲ ਹੀ ਕੂੜੇ ਦੇ ਢੇਰ ਉਨਾਂ ਕੀ ਅਸਲੀਅਤ ਦਾ ਪਾਜ਼ ਉਘਾੜਦੇ ਹਨ। ਧਰਤੀ ਮਾਤਾ ਮੰਨਣ ਵਾਲੀ ਕੌਮ ਦੇ ਵਾਰਸਾਂ ਸਾਹਮਣੇ ਵਾਤਾਵਰਨ ਬਹੁਤ ਵੱਡਾ ਸੁਆਲ ਬਣ ਕੇ ਖੜਾ ਹੈ। ਬਿਰਖਾਂ ਦੀ ਹਰਿਆਵਲੀ ਧਰਤੀ ਅੱਜ ਘੋਨਮੋਨ ਹੋ ਚੱਲੀ ਹੈ। ਅਨਾਜ ਉਗਾਉਣ ਦੇ ਲਾਲਚਵਸ ਕਿਸੇ ਖੇਤ ਦੇ ਵੱਟਾਂ ਬੰਨੇ ਛੱਤਰੀਦਾਰ ਬਿਰਖ ਨਹੀਂ, ਨਾ ਹੀ ਬਿਰਖਾਂ ਵਰਗੇ ਬਾਬੇ ਹਨ। ਧਰਤੀ ਦੀ ਇਹ ਖੂਬਸੂਰਤ ਰਵਾਇਤ ਰਹੀ ਹੈ ਕਿ ਬਿਰਖਾਂ ਵਰਗੇ ਬਾਬੇ ਅਤੇ ਪਿੱਪਲ ਬੋਹੜ ਸਾਡੀ ਸਾਂਝੀ ਜੀਵਨ ਤੋਰ ਦੇ ਗਵਾਹ ਰਹੇ ਹਨ। ਅਸੀਂ ਇਨਾਂ ਰੁਖਾਂ ਹੇਠ ਇਕੱਠਿਆਂ ਜੀਣ ਮਰਨ ਦੇ ਅਹਿਸਾਸ ਨੂੰ ਮਾਣਦੇ ਰਹੇ ਹਾਂ। ਸਾਡਾ ਸਭਿਆਚਾਰ ਧਰਤ ਮੁਖੀ ਹੈ। ਸਾਰਾ ਕੁਝ ਧਰਤੀ ਵੱਲ ਵੇਖ ਕੇ ਅੱਗੇ ਤੁਰਦਾ ਹੈ। ਪੰਜਾਬੀ ਸਭਿਆਚਾਰ ਫੈਲਵਾਂ ਹੈ ਪਰ ਅੱਜ ਸਫੈਦਿਆਂ ਦੇ ਯੁਗ ਵਿੱਚ ਅਸੀਂ ਅਕਾਸ਼ ਮੁਖੀ ਹੋ ਗਏ ਹਾਂ। ਸਾਡਾ ਆਸ ਪਾਸ ਵੀਰਾਨ ਹੈ, ਸੁੰਨਾ ਹੈ। ਵਿਅਕਤੀਗਤ ਵਿਕਾਸ ਨੂੰ ਪ੍ਰਾਪਤੀ ਮੰਨਣਾ ਪੰਜਾਬੀ ਸਭਿਆਚਾਰ ਨਹੀਂ। ਪੰਜਾਬੀ ਸਭਿਆਚਾਰ ਤਾਂ ਜੀਓ ਅਤੇ ਜਿਊਣ ਦਿਓ ਤੋਂ ਅੱਗੇ ਤੁਰ ਕੇ ਸਾਂਝੀ ਧੜਕਣ ਦਾ ਵਿਸਵਾਸ਼ੀ ਹੈ।

ਹਰ ਪੰਜਾਬੀ ਦੇ ਸਭਿਆਚਾਰ ਵਿੱਚ ਤਿੰਨ ਮਾਵਾਂ ਦਾ ਯੋਗਦਾਨ ਪ੍ਰਮੁਖ ਰਿਹਾ ਹੈ। ਪਹਿਲਾਂ ਮਾਂ ਜਣਨਹਾਰੀ ਹੈ ਜਿਸ ਨੇ ਆਪਣੀ ਕੁੱਖ ਵਿੱਚ ਸਾਨੂੰ ਵਿਕਸਤ ਕੀਤਾ। ਉਸ ਦੀ ਕੁਖ ਨੂੰ ਅੱਜ ਅਸੀਂ ਮਸ਼ੀਨਾਂ ਹਵਾਲੇ ਕਰ ਚੁਕੇ ਹਾਂ। ਦੂਸਰੀ ਮਾਂ ਬੋਲੀ ਹੈ ਜਿਸ ਦਾ ਹਸ਼ਰ ਤੁਹਾਨੂੰ ਸਭ ਨੂੰ ਮੈਂ ਕੱਲ ਹੀ ਦਸ ਚੁੱਕਾ ਹਾਂ। ਆਪਣੀ ਮਾਂ ਬੋਲੀ ਬੋਲਣ ਲੱਗਿਆਂ ਜੇਕਰ ਪੁੱਤਰਾਂ ਧੀਆਂ ਨੂੰ ਹੀ ਸੰਗ ਆਉਣ ਲੱਗ ਜਾਵੇ ਤਾਂ ਉਹ ਮਾਂ ਕਿਧਰ ਜਾਵੇ। ਮਾਂ ਧਰਤੀ ਦਾ ਹਾਲ ਵੀ ਕਿਸੇ ਤੋਂ ਲੁਕਿਆ ਛੁਪਿਆ ਨਹੀਂ। ਵੰਨ ਸੁਵੰਨੀਆਂ ਜ਼ਹਿਰਾਂ ਛਿੜਕ ਛਿੜਕ ਕੇ ਅਸੀਂ ਆਪਣੀਆਂ ਹਵਾਵਾਂ ਵਿੱਚ ਜ਼ਹਿਰ ਘੋਲ ਲਿਆ ਹੈ। ਰਸਾਇਣਕ ਖਾਦਾਂ, ਨਦੀਨ ਨਾਸ਼ਕ ਜ਼ਹਿਰਾਂ ਅਤੇ ਉੱਲੀ ਨਾਸ਼ਕ ਜ਼ਹਿਰਾਂ ਦੇ ਅਸਰ ਕਾਰਨ ਧਰਤੀ ਦੀ ਹਾਲਤ ਨਿਘਾਰ ਵੱਲ ਚੱਲ ਰਹੀ ਹੈ। ਜਲ ਸੋਮਿਆਂ ਦੀ ਬੇਹਿਸਾਬ ਵਰਤੋਂ ਨਾਲ ਖੂਹਾਂ ਦੇ ਪਾਣੀ ਲੱਭਦੇ ਨਹੀਂ। ਮੱਛੀ ਮੋਟਰਾਂ ਲਾ ਕੇ ਧਰਤੀ ਹੇਠੋਂ ਪਾਣੀ ਖਿੱਚਣ ਲੱਗਿਆਂ ਸਾਨੂੰ ਇਹ ਗੱਲ ਕਦੇ ਨਹੀਂ ਵਿਸਾਰਨੀ ਚਾਹੀਦੀ ਕਿ ਇਹ ਸੀਮਤ ਸਰਮਾਇਆ ਹੈ ਜੋ ਕਦੇ ਵੀ ਮੁੱਕ ਸਕਦਾ ਹੈ। ਇਸ ਧਰਤੀ ਤੇ ਜੇਕਰ ਕਦੇ ਤੀਸਰਾ ਵਿਸ਼ਵ ਯੁਧ ਹੋਇਆ ਤਾਂ ਉਸ ਦਾ ਮੁੱਦਾ ਪਾਣੀ ਹੋਵੇਗਾ ਜਿਸ ਨੂੰ ਅਸੀਂ ਬੇਰਹਿਮੀ ਨਾਲ ਖਰਚ ਰਹੇ ਹਾਂ। ਆਪਣੇ ਕੁਦਰਤੀ ਸੋਮਿਆਂ ਨੂੰ ਸੰਭਾਲਣ ਦਾ ਵੀ ਸਾਡਾ ਸਭਿਆਚਾਰ ਹੈ।

ਗੀਤ ਸੰਗੀਤ ਵਿੱਚ ਰਿਸ਼ਤਿਆਂ ਦੀ ਪਵਿੱਤਰਤਾ ਕਾਇਮ ਰੱਖਣ ਦੀ ਜ਼ੁੰਮੇਵਾਰੀ ਅਸੀਂ ਸਰਕਾਰਾਂ ਤੇ ਕਿਉਂ ਸੁੱਟੀਏ । ਸਾਡੀਆਂ ਸਰਕਾਰਾਂ ਨੂੰ ਹੋਰ ਪੰਜਾਹ ਕੰਮਾਂ ਤੋਂ ਵਿਹਲ ਨਹੀਂ ਨਾਲੇ ਸਰਕਾਰਾਂ ਕਿਉਂ ਚਾਹੁੰਣਗੀਆਂ ਕਿ ਤੁਹਾਡਾ ਸੁਹਜ ਸੁਆਦ ਨਾ ਵਿਗੜੇ। ਆਪਣੇ ਘਰ ਦੀ ਰਾਖੀ ਸਾਨੂੰ ਖੁਦ ਹੀ ਕਰਨੀ ਪੈਣੀ ਹੈ। ਸ਼ੋਰ ਅਤੇ ਸੰਗੀਤ ਵਿਚਕਾਰਲੀ ਲਕੀਰ ਵਾਹੁੰਣੀ ਪੈਣੀ ਹੈ। ਤੁਸੀਂ ਆਪ ਦੱਸੋ ਕਿ ਕਿਸੇ ਵੀ ਵਿਆਹ ਸ਼ਾਦੀ ਤੇ ਜਾ ਕੇ ਤੁਸੀਂ ਕਦੇ ਕਿਸੇ ਗਵੱਈਏ ਦਾ ਇਕ ਵੀ ਬੋਲ ਸੁਣ ਸਕੇ ਹੋ, ਸਾਜ਼ਾਂ ਦਾ ਲਾਠੀਚਾਰਜ ਤੁਹਾਨੂੰ ਸ਼ੋਰ ਵਿੱਚ ਗਲਤਾਨ ਕਰ ਦਿੰਦਾ ਹੈ । ਤੁਸੀਂ ਆਪਣੇ ਆਪ ਨੂੰ ਉਸ ਪਲ ਵੇਖੋ ਜਦੋਂ ਇਹ ਸ਼ੋਰ ਬੰਦ ਹੁੰਦਾ ਹੈ। ਕੰਨਾਂ ਨੂੰ ਸਾਹ ਜਿਹਾ ਆ ਜਾਂਦਾ ਹੈ। ਕੀ ਸਮੁੱਚੀ ਪ੍ਰਕਿਰਤੀ ਇਸ ਸ਼ੋਰ ਨੂੰ ਨਾ ਪਸੰਦ ਨਹੀਂ ਕਰਦੀ ਹੋਵੇਗੀ? ਸੰਗੀਤ ਤਾਂ ਬਿਰਤੀਆਂ ਨੂੰ ਇਕਾਗਰਚਿਤ ਕਰਨ ਦਾ ਢੰਗ ਹੈ ਨਾ ਕਿ ਵਿਸਫੋਟ ਕਰਨ ਦਾ । ਸ਼ੋਰ ਵਿਸਫੋਟ ਕਰਦਾ ਹੈ ਇਹ ਸਾਡਾ ਸਭਿਆਚਾਰ ਨਹੀਂ। ਅਸੀਂ ਰੰਗਾਂ, ਖੁਸ਼ਬੂਆਂ ਅਤੇ ਸਹਿਜ ਤੋਰ ਦੇ ਸਹਿਯਾਤਰੀ ਹਾਂ। ਸਾਡੀ ਧਰਤੀ ਉੱਪਰ ਮਹਿਕਦੇ ਖਿੜਦੇ ਫੁੱਲ ਬਗੀਚੇ, ਫ਼ਸਲਾਂ ਵਾੜੀਆਂ ਕਦੇ ਧਿਆਨ ਨਾਲ ਵੇਖੋ। ਸਾਰਾ ਕੁਝ ਹੀ ਇਕ ਵਿਸੇਸ਼ ਅੰਦਾਜ਼ ਦੀ ਸਹਿਜ ਤੋਰ ਦਾ ਝਲਕਾਰਾ ਦਿੰਦਾ ਹੈ। ਜ਼ਿੰਦਗੀ ਨੂੰ ਸਭਿਆਚਾਰ ਦੇ ਸੀਮਤ ਅਰਥਾਂ ਵਾਲੀ ਐਨਕ ਨਾਲ ਨਾ ਵੇਖੋ। ਨੰਗੀ ਅੱਖ ਨਾਲ ਵੇਖਿਆਂ ਹੀ ਜ਼ਿੰਦਗੀ ਦੇ ਸਭ ਅੰਦਾਜ਼ ਤੁਹਾਨੂੰ ਸਮਝ ਪੈਣਗੇ।

ਔਰਤ ਪ੍ਰਤੀ ਮਰਦ ਦੀ ਖਿੱਚ ਸੁਭਾਵਿਕ ਹੈ। ਉਸ ਦੀ ਸ਼ਲਾਘਾ ਕਰਨ ਦਾ ਵੀ ਅੰਦਾਜ਼ ਹੈ। ਉਸ ਨਾਲ ਤੁਰਨ ਦਾ ਵੀ ਨਿਸ਼ਚਿਤ ਸਲੀਕਾ ਹੈ ਪਰ ਸਰਮਾਏ ਦੀ ਤੇਜ਼ ਹਨੇਰੀ ਨੇ ਸਾਨੂੰ ਔਰਤ ਦਾ ਮਾਂ, ਧੀ ਅਤੇ ਭੈਣ ਵਾਲਾ ਰਿਸ਼ਤਾ ਭੁਲਾ ਦਿੱਤਾ ਹੈ। ਹੁਣ ਸਿਰਫ ਉਹ ਮਾਨਣ ਅਤੇ ਭੋਗਣ ਦੀ ਵਸਤੂ ਤੋਂ ਵੱਧ ਕੁਝ ਵੀ ਨਹੀਂ। ਸਵੇਰ ਸਾਰ ਟੈਲੀਵੀਜ਼ਨ ਤੋਂ ਲੈ ਕੇ ਅਖ਼ਬਾਰਾਂ, ਰੇਡੀਓ ਅਤੇ ਹੋਰ ਸੰਚਾਰ ਮਾਧਿਅਮ ਔਰਤ ਦੇ ਹੀ ਸਾਰੇ ਅੰਗਾਂ ਦੀ ਮਹਿਮਾ ਵਿੱਚ ਲੱਗੇ ਹੋਏ ਹਨ। ਰਿਸ਼ਤਿਆਂ ਦੀ ਇਹ ਪਰਿਭਾਸ਼ਾ ਨਵੀਂ ਵਿਕਸਤ ਹੋਈ ਹੈ ਕਿ ਔਰਤ ਨੂੰ ਸਿਰਫ ਧੌਣ ਤੋਂ ਹੇਠਾਂ ਹੇਠਾਂ ਹੀ ਗਿਣੋ, ਧੌਣ ਤੋਂ ਉੱਪਰ ਜਿਥੇ ਸੋਚਣ ਵਾਲੀ ਮਸ਼ੀਨ ਪਈ ਹੈ ਉਸ ਦਾ ਅਹਿਸਾਸ ਔਰਤ ਨੂੰ ਹੋਣ ਹੀ ਨਾ ਦਿਓ। ਇਹ ਸਾਡੀ ਸਭਿਆਚਾਰਕ ਗਿਰਾਵਟ ਦਾ ਹੀ ਪ੍ਰਮਾਣ ਕਹੀ ਜਾ ਸਕਦੀ ਹੈ, ਸ਼ਕਤੀ ਨਹੀ। ਅਸੀਂ ਤਾਂ ਦੇਵੀ ਪੂਜਕ ਹਾਂ, ਧਨ ਦੀ ਦੇਵੀ ਲੱਛਮੀ, ਗਿਆਨ ਦੀ ਦੇਵੀ ਸਰਸਵਤੀ, ਸ਼ਕਤੀ ਦੀ ਦੇਵੀ ਦੁਰਗਾ ਅਤੇ ਹੋਰ ਅਨੇਕਾਂ ਦੇਵੀਆਂ ਸਦੀਆਂ ਤੋਂ ਸਾਡੇ ਅੰਗ ਸੰਗ ਹਨ। ਅਸੀਂ ਉਸ ਪਾਸੋਂ ਸ਼ਕਤੀ ਲੈਣੀ ਵੀ ਹੈ ਅਤੇ ਦੇਣੀ ਵੀ ਹੈ। ਜ਼ਿੰਦਗੀ ਦੀ ਸਮਤੋਲ ਤੋਰ ਵਿੱਚ ਇਹੀ ਸੁਮੇਲ ਸ਼ਕਤੀ ਬਣ ਕੇ ਸਾਨੂੰ ਸਭਿਅਕ ਇਨਸਾਨ ਬਣਨ ਦੇ ਰਾਹ ਤੋਰ ਸਕਦਾ ਹੈ।

ਸਾਡੀ ਮੁਹੱਬਤ ਵਿੱਚ ਜਿਸਮ ਸ਼ਾਮਿਲ ਨਹੀਂ । ਸਾਡਾ ਰਾਂਝਾ ਸਿਦਕੀ ਹੈ, 14 ਸਾਲ ਮੱਝੀਆਂ ਚਾਰਨ ਵਾਲਾ, ਫਰਹਾਦ ਆਪਣੀ ਸ਼ੀਰੀਂ ਲਈ ਪਰਬਤ ਚੀਰਦਾ ਹੈ, ਮਹੀਂਵਾਲ ਆਪਣੀ ਸੋਹਣੀ ਲਈ ਪੱਟ ਦਾ ਮਾਸ ਖੁਆਉਂਦਾ ਹੈ। ਇੰਦਰ ਬਾਣੀਆਂ ਆਪਣੀ ਬੇਗੋਨਾਰ ਲਈ ਪੂਰੀ ਹੱਟੀ ਨੂੰ ਅਗਨ ਭੇਟ ਕਰ ਦਿੰਦਾ ਹੈ। ਸਿਰਫ ਮਿਰਜ਼ੇ ਨੂੰ ਹੀ ਤਨ ਭੋਗੀ ਕਹਿ ਸਕਦੇ ਹਾਂ ਬਾਕੀ ਸਾਰੇ ਰੂਹਾਂ ਦੇ ਵਣਜਾਰੇ ਸੱਜਣ ਪਿਆਰੇ ਸਨ। ਸਾਡੇ ਸਭਿਆਚਾਰ ਦੀ ਸ਼ਕਤੀ ਇਨਾਂ ਮੁਹੱਬਤੀ ਰੂਹਾਂ ਸਦਕਾ ਹੋਰ ਵੀ ਬਲਵਾਨ ਹੋ ਕੇ ਨਿਖਰਦੀ ਹੈ।

ਆਪਣੀ ਧਰਤੀ ਦੀ ਵਿਰਾਸਤ ਵਿੱਚ ਸੂਰਮਿਆਂ ਦਾ ਬਹੁਤ ਉਚੇਰਾ ਸਥਾਨ ਹੈ। ਤੱਤੀ ਤਵੀ ਤੇ ਬੈਠੇ ਗੁਰੂ ਅਰਜਨ ਦੇਵ ਜੀ ਤੋਂ ਲੈ ਕੇ ਸ਼ਹੀਦਾਂ ਮੁਰੀਦਾਂ ਦੀ ਲੰਮੀ ਕਤਾਰ ਵੇਖਦਿਆਂ ਹੀ ਇਸ ਧਰਤੀ ਦੇ ਲੋਕਾਂ ਦੀ ਜਾਂਬਾਜ਼ ਵਿਰਾਸਤ ਦਾ ਪਤਾ ਲੱਗਦਾ ਹੈ। ਮੁਗਲਾਂ ਦੇ ਟਾਕਰੇ ਤੋਂ ਲੈ ਕੇ ਫਰੰਗੀਆਂ ਨਾਲ ਮੁਕਾਬਲੇ ਤੋਂ ਬਾਅਦ ਹਰ ਸੰਕਟ ਦੀ ਘੜੀ ਪੰਜਾਬੀਆਂ ਦਾ ਸਿੱਧੇ ਖੜੇ ਹੋ ਕੇ ਸੰਘਰਸ਼ ਕਰਨਾ ਵੀ ਸਾਡਾ ਸਭਿਆਚਾਰ ਹੈ। ਪੈਸੇ ਦੇ ਪੁੱਤ ਬਣਨ ਦੀ ਹੋੜ ਨੇ ਸਾਨੂੰ ਹੌਲੀ ਹੌਲੀ ਬੰਦੇ ਦਾ ਪੁੱਤ ਨਹੀਂ ਰਹਿਣ ਦਿੱਤਾ। ਬੰਦਾ ਬੰਦਗੀ ਨਾਲ ਬਣਦਾ ਹੈ ਅਤੇ ਬੰਦਗੀ ਸਾਡੇ ਵਿਚੋਂ ਗੈਰ ਹਾਜ਼ਰ ਹੋ ਰਹੀ ਹੈ। ਸਭਿਆਚਾਰ ਦੀ ਅਸਲ ਸੂਰਤ ਪਛਾਣੋ, ਤੁਹਾਨੂੰ ਕਣ ਕਣ ਵਿਚੋਂ ਕਾਇਨਾਤ ਦਿਸੇਗੀ।

*-ਗੁਰਭਜਨ ਸਿੰਘ ਗਿੱਲ*
*ਚੇਅਰਮੈਨ*
*ਪੰਜਾਬੀ ਲੋਕ ਵਿਰਾਸਤ ਅਕਾਡਮੀ,*
*ਲੁਧਿਆਣਾ*

## ਜ਼ਰੂਰ ਜਾਣੋ; ਗਿਆਨ ਗੰਗਾ

।। ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ।।

- ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
- ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
- ਸਾਨੂੰ ਜਨਮ ਦੇਣ ਤੇ ਮਾਰਣ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
- ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
- ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
- ਪੂਰਨ ਸੰਤ ਦੀ ਪਹਿਚਾਣ ਕੀ ਹੈ ? 'ਤੇ ਮੋਕਸ਼ ਕਿਵੇਂ ਮਿਲੇਗਾ ?
- ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
- ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
- ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
- ਸ਼੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
- ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
- ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?




ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org

IPTV ਦੁਆਰਾ ਸਤਸੰਗ ਦੇਖੋ
Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM

Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
जन तंत्र: 7:30 PM - 8:30 PM
TV-nri 7:30am- 8:30am,TV-nri 8:30pm- 9:30pm

ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:

satlokashramcanada@gmail.com
satsahibusa@gmail.com
647-739-4641
346-714-0224

# ਕਰਨਾਟਕ ਵਿੱਚ ਬਜਰੰਗ ਦਲ ਵਰਕਰ ਦਾ ਕਤਲ ਹੋਣ ਪਿੱਛੋਂ ਇਲਾਕੇ ਵਿੱਚ ਤਣਾਅ

### * ਘਟਨਾ ਦਾ ਸੰਬੰਧ ਹਿਜਾਬ ਮਾਮਲੇ ਨਾਲ ਜੋੜਿਆ ਜਾਣ ਲੱਗਾ



ਬੈਂਗਲੂਰੂ, 21 ਫਰਵਰੀ, (ਪੋਸਟ ਬਿਊਰੋ)- ਹਿਜਾਬ ਵਿਵਾਦ ਦੇ ਦੌਰਾਨ ਕਰਨਾਟਕ ਦੇ ਸ਼ਿਵਮੋਗਾ ਕਸਬੇ ਵਿੱਚ ਤਣਾਅ ਬਣਿਆ ਹੋਇਆ ਹੈਅਤੇ ਏ ਬਜਰੰਗ ਦਲ ਦੇ ਵਰਕਰ ਦਾ ਕਤਲ ਹੋਣ ਤੋਂ ਬਾਅਦ ਤਣਾਅ ਹੋਰ ਵੀ ਵਧ ਗਿਆ ਤੇ ਕਈ ਥਾਈਂ ਪੱਥਰਬਾਜ਼ੀ ਵੀ ਹੋਈ ਹੈ। ਇਸ ਦੇ ਬਾਅਦ ਪ੍ਰਸ਼ਾਸਨ ਨੇ ਚੌਕਸੀ ਵਜੋਂ ਧਾਰਾ 144 ਲਾਗੂ ਕਰ ਕੇ ਕਤਲ ਦੀ ਜਾਂਚ ਲਈ ਵਿਸ਼ੇਸ਼ ਜਾਂਚ ਟੀਮ(ਐੱਸ ਆਈ ਟੀ) ਬਣਾ ਦਿੱਤੀ ਹੈ। ਇਸ ਕੇਸ ਵਿੱਚਸ਼ੱਕ ਕੀਤਾ ਜਾਂਦਾ ਹੈ ਕਿ ਬਜਰੰਗ ਦਲ ਦੇ ਕਾਰਕੁਨ ਦੀ ਹੱਤਿਆ ਦਾ ਕਾਰਨ ਹਿਜਾਬ ਵਿਵਾਦ ਹੋ ਸਕਦਾ ਹੈ,ਪਰ ਕਰਨਾਟਕ ਦੇ ਇੱਕ ਮੰਤਰੀ ਨੇ ਇਸ ਤੋਂ ਇਨਕਾਰ ਕੀਤਾ ਹੈ। ਫਿਰ ਵੀ ਸ਼ਹਿਰ ਦੇ ਸਾਰੇ ਸਕੂਲ ਅਤੇ ਕਾਲਜ ਬੰਦ ਕਰ ਦਿੱਤੇ ਗਏ ਹਨ।

ਤਣਾਅ ਵਾਲੇ ਇਸ ਮਾਹੌਲ ਦੇ ਦੌਰਾਨ ਕਰਨਾਟਕ ਦੇ ਮੰਤਰੀ ਕੇਐਸ ਈਸ਼ਵਰੱਪਾ ਨੇ ਕਿਹਾ, 'ਬਜਰੰਗ ਦਲ ਦੇ ਵਰਕਰ ਦੇ ਕਤਲ ਤੋਂ ਬਹੁਤ ਦੁਖੀ ਹਾਂ, ਉਸ ਨੂੰ ਮੁਸਲਿਮ ਗੁੰਡਿਆਂ ਨੇ ਮਾਰਿਆ ਸੀ, ਮੈਂ ਸਥਿਤੀ ਦਾ ਜਾਇਜ਼ਾ ਲੈਣ ਲਈ ਸ਼ਿਵਮੋਗਾ ਜਾ ਰਿਹਾ ਹਾਂ ਅਤੇ ਅਸੀਂ ਗੁੰਡਾਗਰਦੀ ਨਹੀਂ ਹੋਣ ਦੇਵਾਂਗੇ।' ਵਰਨਣ ਯੋਗ ਹੈ ਕਿ ਬਜਰੰਗ ਦਲ ਦੇ 23 ਸਾਲਾ ਵਰਕਰ ਹਰਸ਼ ਨੂੰ ਐਤਵਾਰ ਦੀ ਰਾਤ ਚਾਕੂ ਮਾਰੇ ਗਏ ਸਨ। ਉਸ ਨੂੰ ਜ਼ਖਮੀ ਹਾਲਤ ਵਿੱਚ ਮੈਕਗਨ ਜ਼ਿਲਾ ਹਸਪਤਾਲ ਲਿਜਾਇਆ ਗਿਆ ਤਾਂ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਕਰ ਦਿੱਤਾ ਸੀ।

ਕਰਨਾਟਕ ਦੇ ਗ੍ਰਹਿ ਮੰਤਰੀ ਅਰਾਗਾ ਗਿਆਨੇਂਦਰ ਦੇ ਮੁਤਾਬਕ ਇਸ ਰਾਜਵਿੱਚ ਚੱਲਦੇ ਹਿਜਾਬ ਵਾਲੇ ਵਿਵਾਦ ਨਾਲ ਇਸ ਕਤਲ ਦਾ ਕੋਈ ਲੈਣਾ-ਦੇਣਾ ਨਹੀਂ,ਪਰ ਉਨ੍ਹਾਂ ਇਹ ਵੀ ਕਿਹਾ ਕਿ ਸਾਨੂੰ ਸਿੱਟੇ ਉੱਤੇ ਪੁੱਜਣ ਤੋਂ ਪਹਿਲਾਂ ਹੋਰ ਜਾਂਚ ਦੀ ਉਡੀਕ ਕਰਨੀ ਪਵੇਗੀ। ਅਰਾਗਾ ਗਿਆਨੇਂਦਰ ਨੇ ਪੀੜਤ ਪਰਿਵਾਰ ਨੂੰ ਮਿਲਣ ਮਗਰੋਂ ਕਿਹਾ, 'ਪੁਲਿਸ ਨੂੰ ਕੁਝ ਸੁਰਾਗ ਮਿਲੇ ਹਨ,ਛੇਤੀ ਹੀ ਦੋਸ਼ੀ ਗ੍ਰਿਫਤਾਰ ਕਰ ਲਵਾਂਗੇ।' ਉਨ੍ਹਾਂ ਨੇ ਲੋਕਾਂ ਨੂੰ ਸ਼ਾਂਤ ਰਹਿਣ ਦੀ ਅਪੀਲ ਕਰ ਕੇ ਕਿਹਾ, 'ਅਸੀਂ ਅਜੇ ਤਕ ਕਤਲ ਦੇ ਕਾਰਨਾਂ ਦਾ ਪਤਾ ਨਹੀਂ ਲਾ ਸਕੇ।' ਸ਼ਿਵਮੋਗਾ ਵਿੱਚ ਰਿਜ਼ਰਵ ਪੁਲਿਸ ਤਾਇਨਾਤ ਕੀਤੀ ਜਾ ਰਹੀ ਹੈ, ਕਤਲ ਦੀ ਜਾਂਚ ਲਈ ਵਿਸ਼ੇਸ਼ ਟੀਮ ਬਣਾਈ ਹੈ ਅਤੇ ਰੈਪਿਡ ਐਕਸ਼ਨ ਫੋਰਸ ਦੇ ਜਵਾਨ ਲਾਏ ਹਨ।ਜਾਣਕਾਰ ਸੂਤਰਾਂ ਮੁਤਾਬਕ ਅੱਜ ਕਰਨਾਟਕ ਦੇ ਮੁੱਖ ਮੰਤਰੀ ਬਸਵਰਾਜ ਬੋਮਈ ਨੂੰ ਗ੍ਰਹਿ ਮੰਤਰੀ ਗਿਆਨੇਂਦਰ ਨੇ ਦੱਸਿਆ ਹੈ ਕਿ ਇਸ ਨੌਜਵਾਨ ਵਰਕਰ ਦੀ ਹੱਤਿਆਵਿੱਚ 4-5 ਲੋਕ ਸ਼ਾਮਲ ਹੋ ਸਕਦੇ ਹਨ।

# ਚਾਰਾ ਘੁਟਾਲੇ ਦੇ ਇੱਕ ਹੋਰ ਕੇਸ ਵਿੱਚ ਲਾਲੂ ਯਾਦਵ ਨੂੰ 5 ਸਾਲ ਸਜ਼ਾ, 60 ਲੱਖ ਜੁਰਮਾਨਾ



ਰਾਂਚੀ, 21 ਫਰਵਰੀ, (ਪੋਸਟ ਬਿਊਰੋ)- ਝਾਰਖੰਡ ਦੀ ਰਾਜਧਾਨੀ ਰਾਂਚੀ ਵਿੱਚ ਚਾਰਾ ਘੋਟਾਲੇ ਦੇ ਸਭ ਤੋਂ ਵੱਡੇ ਦੋਰਾਂਡਾ ਖਜ਼ਾਨਾ ਕੇਸ ਵਿੱਚ ਰਾਸ਼ਟਰੀ ਜਨਤਾ ਦਲ ਦੇ ਮੁਖੀਲਾਲੂ ਪ੍ਰਸਾਦ ਯਾਦਵ ਨੂੰ 5 ਸਾਲ ਦੀ ਸਜ਼ਾ ਸੁਣਾਈ ਗਈ ਤੇ ਇਸ ਦੇ ਨਾਲ ਉਸ ਉੱਤੇ 60 ਲੱਖ ਰੁਪਏ ਜੁਰਮਾਨਾ ਵੀ ਲਾਇਆ ਗਿਆ ਹੈ। ਇਸ ਦਾ ਐਲਾਨ ਅੱਜ ਸੋਮਵਾਰ ਦੁਪਹਿਰ ਬਾਅਦ ਕੀਤਾ ਗਿਆ। ਚਾਰਾ ਘੁਟਾਲੇ ਦੇ ਇਸ ਵੱਡੇ ਕੇਸ ਵਿੱਚਲਾਲੂ ਯਾਦਵ ਦੇ ਨਾਲ 37 ਹੋਰ ਦੋਸ਼ੀਆਂ ਨੂੰ ਸਜ਼ਾ ਹੋਈ ਹੈ। ਕੇਸ ਦੀ ਸੁਣਵਾਈ ਤੋਂ ਪਹਿਲਾਂ ਸੀਬੀਆਈ ਕੋਰਟ ਵਿੱਚਲਾਲੂ ਪ੍ਰਸਾਦ ਯਾਦਵ ਰਾਂਚੀ ਮੈਡੀਕਲ ਇੰਸਟੀਚਿਊਟ(ਰਿਮਸ) ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਪੇਸ਼ ਕੀਤੇ ਗਏ ਸਨ।

ਲਾਲੂ ਪ੍ਰਸਾਦ ਯਾਦਵ ਹਾਲੇ ਜੇਲ ਨਹੀਂ ਜਾਣਗੇ, ਉਨ੍ਹਾਂ ਦਾ ਰਾਂਚੀ ਦੇ ਰਿਮਸ ਵਿੱਚ ਇਲਾਜ ਚੱਲਦਾ ਹੈ ਤੇ ਉਨ੍ਹਾਂ ਦੀ ਸਿਹਤ ਨੂੰ ਦੇਖ ਕੇ ਕਿਹਾ ਜਾ ਰਿਹਾ ਹੈ ਕਿ ਉਨ੍ਹਾਂ ਨੂੰ ਉਥੇ ਹੀ ਰੱਖਿਆ ਜਾਵੇਗਾ। ਸਜ਼ਾ ਦੇ ਐਲਾਨ ਪਿੱਛੋਂਲਾਲੂ ਦੇ ਵਕੀਲ ਨੇ ਦੱਸਿਆ ਕਿ ਇਸ ਕੇਸ ਵਿੱਚਲਾਲੂ ਯਾਦਵ ਲਗਭਗ ਅੱਧੀ ਸਜ਼ਾ ਯਾਨੀ 2.5 ਸਾਲ ਕੱਟ ਚੁੱਕੇ ਹਨ, ਇਸ ਲਈ ਉਹ ਅਦਾਲਤ ਵਿੱਚ ਅਪੀਲ ਕਰੇਗਾ ਕਿ ਅੱਧੀ ਸਜ਼ਾ ਪੂਰੀ ਹੋਣ ਦਿੱਤੀ ਜਾਵੇ।ਲਾਲੂ ਪ੍ਰਸਾਦ ਯਾਦਵ ਨੂੰ ਅੱਜ ਸਜ਼ਾ ਦੇ ਐਲਾਨ ਤੋਂ ਪਹਿਲਾਂ ਰਿਮਸ ਤੇ ਝਾਰਖੰਡ ਹਾਈਕੋਰਟ ਦੇ ਬਾਹਰ ਰਾਸ਼ਟਰੀ ਜਨਤਾ ਦਲ ਦੇ ਨੇਤਾਵਾਂ ਤੇ ਸਮਰਥਕਾਂ ਦੀ ਭਾਰੀ ਭੀੜ ਸੀਅਤੇਉਹਆਸ ਕਰਦੇ ਸਨ ਕਿ ਲਾਲੂ ਦੀ ਸਿਹਤ ਖ਼ਰਾਬ ਅਤੇ ਕਈ ਬਿਮਾਰੀਆਂ ਹੋਣ ਕਾਰਨ ਉਨ੍ਹਾਂ ਨੂੰ ਘੱਟ ਤੋਂ ਘੱਟ ਸਜ਼ਾ ਹੋਣੀ ਚਾਹੀਦੀ ਹੈ,ਪਰ 5 ਸਾਲ ਦੀ ਸਜ਼ਾ ਸੁਣਨ ਤੋਂ ਬਾਅਦ ਲਾਲੂ ਪ੍ਰਸਾਦ ਯਾਦਵ ਨਿਰਾਸ਼ ਦਿਖਾਈ ਦਿੱਤੇ ਹਨ।

# ਸਾਬਕਾ ਮੰਤਰੀ ਤੇ ਭਾਜਪਾ ਉਮੀਦਵਾਰ ਰਾਣਾ ਸੋਢੀ ਖ਼ਿਲਾਫ਼ ਹੁਕਮਾਂ ਦੀ ਉਲੰਘਣਾ ਕਰਨ ਦਾਕੇਸ ਦਰਜ

### * ਕਾਂਗਰਸੀ ਵਿਧਾਇਕ ਪਿੰਕੀ ਤੇ ਗਿਲਜ਼ੀਆਂ ਦੇ ਭਰਾ ਉੱਤੇ ਵੀ ਕਾਰਵਾਈ



ਫਿਰੋਜ਼ਪੁਰ, 21 ਫਰਵਰੀ, (ਪੋਸਟ ਬਿਊਰੋ)- ਫਿਰੋਜ਼ਪੁਰ ਜ਼ਿਲੇ ਦੇ ਥਾਣਾ ਆਰਿਫਕੇ ਹੇਠਲੇ ਪਿੰਡ ਅਟਾਰੀ ਵਿਖੇ ਭਾਜਪਾ ਉਮੀਦਵਾਰ ਵੱਲੋਂ ਚੋਣ ਕਮਿਸ਼ਨ ਦੇ ਹੁਕਮਾਂ ਦੀ ਉਲੰਘਣਾ ਕਰਨ ਦੇ ਦੋਸ਼ ਵਿੱਚ ਪੁਲਿਸ ਨੇ ਦੋ ਜਣਿਆਂ ਦੇ ਖ਼ਿਲਾਫਕੇਸ ਦਰਜ ਕੀਤਾ ਗਿਆ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ।

ਇਸ ਸੰਬੰਧ ਵਿੱਚ ਸਬ ਇੰਸਪੈਕਟਰ ਲਖਵਿੰਦਰ ਸਿੰਘ ਨੇ ਕਿਹਾ ਕਿ ਭਾਜਪਾ ਉਮੀਦਵਾਰ ਰਾਣਾ ਗੁਰਮੀਤ ਸਿੰਘ ਸੋਢੀ ਏਥੇ ਹਲਕਾ ਫਿਰੋਜ਼ਪੁਰ ਸਿਟੀ ਦੇ ਪਿੰਡ ਅਟਾਰੀ ਵਿਖੇ ਤਰਸੇਮ ਸਿੰਘ ਪੁੱਤਰ ਸੁਖਵਿੰਦਰ ਸਿੰਘ ਦੇ ਘਰ ਵਿੱਚ ਚੋਣ ਪ੍ਰਚਾਰ ਲਈ ਆਏ ਸਨ, ਜਦੋਂ ਚੋਣ ਪ੍ਰਚਾਰ ਬੰਦ ਹੋ ਚੁੱਕਾ ਸੀ। ਇਸ ਕਾਰਨ ਗੁਰਮੀਤ ਸਿੰਘ ਰਾਣਾ ਸੋਢੀ ਉਮੀਦਵਾਰ ਤੇ ਤਰਸੇਮ ਸਿੰਘ ਵਾਸੀ ਅਟਾਰੀ ਉੱਤੇ ਚੋਣ ਕਮਿਸ਼ਨ ਵੱਲੋਂ ਕੇਸ ਦਰਜ ਕੀਤਾ ਗਿਆ ਹੈ।

ਦੂਸਰੇ ਪਾਸੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਉਲੰਘਣਾ ਕਰਦਿਆਂ ਸੁਰੱਖਿਆ ਮੁਲਾਜ਼ਮਾਂ ਸਮੇਤ ਪੋਲਿੰਗ ਬੂਥ ਵਿੱਚ ਵੜਨ ਦੇ ਦੋਸ਼ ਹੇਠ ਥਾਣਾ ਕੈਂਟ ਫਿਰੋਜ਼ਪੁਰ ਪੁਲਿਸ ਨੇ ਕਾਂਗਰਸ ਉਮੀਦਵਾਰ ਪਰਮਿੰਦਰ ਸਿੰਘ ਪਿੰਕੀ ਖ਼ਿਲਾਫ਼ ਕੇਸ ਦਰਜ ਕੀਤਾ ਹੈ। ਥਾਣਾ ਕੈਂਟ ਫਿਰੋਜ਼ਪੁਰ ਦੇ ਏਐੱਸਆਈ ਸੁਖਦੀਪ ਸਿੰਘ ਨੇ ਦੱਸਿਆ ਕਿ ਇਸ ਦੀ ਸ਼ਿਕਾਇਤ ਜ਼ਿਲ੍ਹਾ ਚੋਣਕਾਰ ਅਫ਼ਸਰ ਫਿਰੋਜ਼ਪੁਰ ਵੱਲੋਂ ਮਿਲੀ ਸੀ ਕਿ ਕਾਂਗਰਸ ਉਮੀਦਵਾਰ ਪਰਮਿੰਦਰ ਸਿੰਘ ਪਿੰਕੀ ਨੇ ਪੋਲਿੰਗ ਬੂਥ ਵਿਚ ਸਕਿਓਰਿਟੀ ਸਮੇਤ ਜਾ ਕੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਉਲੰਘਣਾ ਕੀਤੀ ਹੈ।

ਥਾਣਾ ਗੜ੍ਹਦੀਵਾਲਾ ਪੁਲਿਸ ਨੇ ਉੜਮੁੜ ਤੋਂ ਕਾਂਗਰਸ ਵਿਧਾਇਕ ਤੇ ਮੰਤਰੀ ਅਤੇ ਕਾਂਗਰਸ ਦੇ ਕਾਰਜਕਾਰੀ ਸੂਬਾ ਪ੍ਰਧਾਨ ਸੰਗਤ ਸਿੰਘ ਗਿਲਜ਼ੀਆਂ ਦੇ ਭਰਾ ਜੋਗਿੰਦਰ ਸਿੰਘ ਉੱਤੇ ਵੋਟਾਂ ਖ਼ਤਮ ਹੋਣ ਪਿੱਛੋਂ ਪੋਲਿੰਗ ਬੂਥ ਵਿਚ ਵੜਨ ਬਾਰੇਕੇਸ ਦਰਜ ਕੀਤਾ ਹੈ। ਏਐੱਸਆਈ ਬਲਵੀਰ ਸਿੰਘ ਦੇ ਬਿਆਨਾਂ ਉੱਤੇ ਦਰਜਕੇਸ ਅਨੁਸਾਰ ਜੋਗਿੰਦਰ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਗਿਲਜ਼ੀਆਂ ਥਾਣਾ ਟਾਂਡਾ ਪੋਲਿੰਗ ਸਟੇਸ਼ਨ 34 ਬੂਥ ਨੰਬਰ 35, 36, 37 ਕੇਆਰਕੇ ਡੀਏਵੀ ਸਕੂਲ ਵਿੱਚ ਪੋਲਿੰਗ ਖ਼ਤਮ ਹੋਣ ਪਿੱਛੋਂ ਕਰੀਬ ਸਾਢੇ 6 ਵਜੇ ਤੋਂ ਪੌਣੇ ਸੱਤ ਵਜੇ ਸ਼ਾਮ ਹੋ ਗਿਆ ਤਾਂ ਬਿਆਨ ਕਰਤਾ ਏਐੱਸਆਈ ਬਲਬੀਰ ਸਿੰਘ ਨੇ ਸਕੂਲ ਤੋਂ ਬਾਹਰ ਕੱਢਿਆ, ਪਰ ਉਹ ਮੌਕੇ ਦਾ ਲਾਭ ਉਠਾ ਕੇ ਫਰਾਰ ਹੋ ਗਿਆ। ਇਸ ਬਾਰੇ ਪੁਲਿਸ ਨੇ ਕੇਸ ਦਰਜ ਕਰ ਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਵੱਖ-ਵੱਖ ਆਗੂਆਂ ਵੱਲੋਂ ਚੋਣਾਂ ਪਿੱਛੋਂ ਅਕਾਲੀ ਦਲ ਤੇ ਭਾਜਪਾ ਵਿਚਾਲੇ ਫਿਰ ਗਠਜੋੜ ਦੇ ਸੰਕੇਤ

ਚੰਡੀਗੜ੍ਹ, 21 ਫਰਵਰੀ, (ਪੋਸਟ ਬਿਊਰੋ)- ਬੀਤੇ ਐਤਵਾਰ ਪੰਜਾਬ ਦੀਆਂ 117 ਵਿਧਾਨ ਸਭਾ ਸੀਟਾਂ ਉੱਤੇ ਚੋਣਾਂ ਹੋਣ ਦੇ ਬਾਅਦ ਜਦੋਂ ਸਾਰੀਆਂ ਪਾਰਟੀਆਂ 10 ਮਾਰਚ ਨੂੰ ਆਉਣ ਵਾਲੇ ਨਤੀਜਿਆਂ ਦੀ ਉਡੀਕ ਕਰ ਰਹੀਆਂ ਹਨ ਤਾਂ ਅਕਾਲੀ ਦਲ ਅਤੇ ਭਾਜਪਾ ਦੇ ਆਗੂਆਂ ਨੇ ਇੱਕ ਵਾਰ ਫਿਰ ਗੱਠਜੋੜ ਬਣਾਉਣ ਦੇ ਸੰਕੇਤ ਦੇ ਦਿੱਤੇ ਹਨ।

ਵਰਨਣ ਯੋਗ ਹੈ ਕਿ ਇਸ ਵਾਰ ਪੰਜਾਬ ਦੀਆਂ ਚੋਣਾਂ ਬਹੁਤ ਦਿਲਚਸਪ ਰਹੀਆਂ ਹਨ। ਜਿੱਥੇ ਕੈਪਟਨ ਅਮਰਿੰ-ਦਰ ਸਿੰਘ ਨੇ ਮੁੱਖ ਮੰਤਰੀ ਦਾ ਅਹੁਦਾ ਛੱਡਣ ਪਿੱਛੋਂਕਾਂਗਰਸ ਪਾਰਟੀ ਛੱਡ ਕੇ ਆਪਣੀ ਪੰਜਾਬ ਲੋਕ ਕਾਂਗਰਸ ਪਾਰਟੀ ਬਣਾ ਕੇ ਭਾਜਪਾ ਨਾਲ ਮਿਲ ਕੇ ਚੋਣ ਲੜੀ, ਉਥੇ ਭਾਜਪਾ ਇਸ ਵਾਰ ਪੁਰਾਣੇ ਸਾਥੀਬਾਦਲ ਅਕਾਲੀ ਦਲ ਬਿਨਾਂ ਚੋਣ ਮੈਦਾਨ ਉਤਰੀ ਸੀ।ਇਨ੍ਹਾ ਦੋ ਪਾਰਟੀਆਂ ਦਾ ਚੌਵੀ ਸਾਲ ਪੁਰਾਣਾ ਰਾਜਸੀ ਗਠਜੋੜਕਿਸਾਨੀ ਮੁੱਦੇ ਤੋਂ ਪੰਜਾਬ ਚੋਣਾਂ ਤੋਂ ਪਹਿਲਾਂ ਹੀ ਟੁੱਟ ਗਿਆ ਸੀ, ਪਰ ਅੱਗੋਂ ਫਿਰ ਅਕਾਲੀ ਦਲ ਤੇ ਭਾਜਪਾ ਵਿਚਾਲੇ ਗਠਜੋੜ ਦੀਆਂ ਗੱਲਾਂ ਚੱਲਣ ਲੱਗ ਪਈਆਂ ਹਨ ਅਤੇ ਇਸ ਦੇ ਸੰਕੇਤ ਦੋਵੇਂ ਪਾਰਟੀਆਂ ਦੇ ਆਗੂਆਂ ਨੇ ਖੁਦ ਦਿੱਤੇ ਹਨ।

ਅਕਾਲੀ ਆਗੂ ਅਤੇ ਅੰਮ੍ਰਿਤਸਰ ਪੂਰਬੀ ਸੀਟ ਤੋਂ ਉਮੀਦਵਾਰ ਬਿਕਰਮ ਸਿੰਘ ਮਜੀਠੀਆ ਵੱਲੋਂ ਭਾਜਪਾ ਦੇ ਨਾਲ ਗੱਠਜੋੜ ਦੀ ਸੰਭਾਵਨਾ ਬਾਰੇ ਬਿਆਨ ਉੱਤੇ ਭਾਜਪਾ ਦੇ ਜਨਰਲ ਸੈਕਟਰੀ ਤਰੁਣ ਚੁੱਘ ਨੇ ਕਿਹਾ, 'ਪਹਿਲਾਂ ਚੋਣ ਨਤੀਜੇ ਆ ਜਾਣ ਦਿਓ, ਮੈਂ ਹਾਂ ਜਾਂ ਨਾਂਹ ਵਿੱਚ ਕੋਈ ਸੰਭਾਵਨਾ ਪੇਸ਼ ਨਹੀਂ ਕਰ ਰਿਹਾ।' ਇਸ ਤੋਂ ਪਹਿਲਾਂ ਇੱਕ ਮੀਡੀਆ ਅਦਾਰੇ ਨੇ ਮਜੀਠੀਆ ਦੇ ਹਵਾਲੇ ਨਾਲ ਕਿਹਾ ਸੀ ਕਿ ਬਾਦਲ ਅਕਾਲੀ ਦਲ ਚੋਣ ਨਤੀਜਿਆਂ ਤੋਂ ਬਾਅਦ ਭਾਜਪਾ ਨਾਲ ਗੱਠਜੋੜ ਦੇ ਮੁੱਦੇ ਉੱਤੇ ਕੋਈ ਫੈਸਲਾ ਲੈ ਸਕਦਾ ਹੈ, ਪਰ ਮਜੀਠੀਆ ਨੇ ਕਿਹਾ ਸੀ ਕਿ ਉਸ ਦੇ ਬਿਆਨ ਨੂੰ ਤੋੜ-ਮਰੋੜ ਕੇ ਪੇਸ਼ ਕੀਤਾ ਗਿਆ ਹੈ। ਉਨ੍ਹਾਂ ਕਿਹਾ ਸੀ ਕਿ ਸਾਡਾ ਗਠਜੋੜ ਬਸਪਾ ਨਾਲ ਹੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਪੰਜਾਬ ਚੋਣਾਂ ਤੋਂ ਪਹਿਲਾਂ ਪੰਜਾਬਵਿੱਚ ਚੋਣ ਜਲਸਿਆਂ ਦੌਰਾਨ ਕੀਤੇ ਭਾਸ਼ਣਾਂ ਵਿੱਚ ਵੀ ਭਾਜਪਾ ਦੇ ਅਕਾਲੀ ਦਲ ਨਾਲ ਗੱਠਜੋੜ ਦੀਆਂ ਸੰਭਾਵਨਾਵਾਂ ਲੋਕਾਂ ਨੂੰ ਨਜ਼ਰ ਆਈਆਂ ਸਨ। ਜਨਵਰੀ ਵਿੱਚ ਜਦੋਂ ਪ੍ਰਕਾਸ਼ ਸਿੰਘ ਬਾਦਲ ਨੂੰ ਕੋਰੋਨਾ ਦੀ ਲਾਗ ਲੱਗ ਗਈ ਸੀ, ਓਦੋਂ ਵੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਉਨ੍ਹਾਂ ਨੂੰ ਫ਼ੋਨ ਕਰਕੇ ਹਾਲ-ਚਾਲ ਪੁੱਛਿਆ ਸੀ।

ਅੱਜ ਪੰਜਾਬ ਵਿੱਚ ਭਾਜਪਾ ਦੇ ਸਭ ਤੋਂ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਨੇ ਵੀ ਭਾਜਪਾ ਅਤੇ ਅਕਾਲੀ ਦਲ ਦਾ ਗੱਠਜੋੜ ਨਵੇਂ ਸਿਰਿਉਂ ਬਣਨ ਦੇ ਕੁਝ ਸੰਕੇਤ ਜਿਹੇ ਦਿੱਤੇ ਹਨ।

# ਅਮਰੀਕੀ ਸਮਝੌਤੇ ਦਾ ਨੇਪਾਲ 'ਚ ਹਿੰਸਕ ਵਿਰੋਧ, ਦਰਜਨਾਂ ਜ਼ਖਮੀ



ਕਾਠਮੰਡੂ, 21 ਫਰਵਰੀ (ਪੋਸਟ ਬਿਊਰੋ)- ਅਮਰੀਕਾ ਨਾਲ ਕੀਤੇ ਗਏ ਸਮਝੌਤੇ ਦੀ ਮਨਜ਼ੂਰੀ ਲਈਮਤਾਪਾਰਲੀਮੈਂਟ ਵਿੱਚ ਪੇਸ਼ ਹੋਣ ਦੇ ਬਾਅਦ ਨੇਪਾਲ ਵਿੱਚ ਹੋਏ ਭਾਰੀ ਵਿਰੋਧ ਪ੍ਰਦਰਸ਼ਨਾਂ ਵਿੱਚ ਦਰਜਨਾਂ ਲੋਕ ਜ਼ਖਮੀ ਹੋ ਗਏ ਹਨ। ਇਸ ਸਮਝੌਤੇ ਹੇਠ ਨੇਪਾਲ ਨੂੰ ਅਮਰੀਕਾ ਤੋਂ ਪੰਜਾਹ ਕਰੋੜ ਡਾਲਰ ਮਿਲਣੇ ਹਨ ਤੇ ਇਸ ਰਕਮ ਨਾਲ ਉਸ ਨੇ ਗਰੀਬੀ ਖਤਮ ਕਰਨ ਵਾਲੇ ਅਤੇ ਹੋਰ ਕੰਮ ਕਰਵਾਉਣੇ ਹਨ। ਚੀਨ ਨੇ ਇਸ ਦਾਨ ਦਾ ਵਿਰੋਧ ਕੀਤਾ ਹੈ ਅਤੇ ਇਸ ਸਮਝੌਤੇ ਨੂੰ ਨੇਪਾਲ ਦੀ ਖੁਦਮੁਖਤਿਆਰੀ ਉੱਤੇ ਹਮਲਾ ਦੱਸਿਆ ਹੈ ਅਤੇ ਲੋਕ ਵੀ ਭੜਕੇ ਪਏ ਹਨ।

ਕੱਲ੍ਹਪਾਰਲੀਮੈਂਟਦੇ ਨੇੜੇ ਹੋਏ ਹਿੰਸਕ ਪ੍ਰਦਰਸ਼ਨ ਵਿੱਚ ਨੇਪਾਲ ਪੁਲਸ ਦੇ 17 ਜਵਾਨ ਤੇ ਹਥਿਆਰਬੰਦ ਫੌਜ ਦੇ ਸੱਤ ਜਵਾਨ ਜ਼ਖਮੀ ਹੋਏ ਹਨ। ਇਸ ਦੌਰਾਨ ਦਰਜਨਾਂ ਪ੍ਰਦਰਸ਼ਨਕਾਰੀ ਵੀ ਜ਼ਖਮੀ ਹੋਏ ਹਨ ਅਤੇ ਚਾਰ ਦਰਜਨ ਤੋਂ ਵੱਧ ਪ੍ਰਦਰਸ਼ਨਕਾਰੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਸੈਂਕੜਿਆਂ ਦੀ ਗਿਣਤੀ ਵਿੱਚ ਪ੍ਰਦਰਸ਼ਨਕਾਰੀ ਜਲੂਸ ਦੇ ਰੂਪ ਵਿੱਚ ਪਾਰਲੀਮੈਂਟਪਹੁੰਚੇ ਸਨ ਅਤੇ ਉਨ੍ਹਾਂ ਨੇ ਉਥੇ ਨਾਅਰੇਬਾਜ਼ੀ ਕਰਦੇ ਹੋਏ ਪਥਰਾਓ ਸ਼ੁਰੂ ਕਰ ਦਿੱਤਾ। ਇਸ ਦੇ ਬਾਅਦ ਸੁਰੱਖਿਆ ਬਲਾਂ ਨੇ ਹਾਲਾਤ ਕਾਬੂ ਕਰਨ ਲਈ ਤੀਹ ਰਾਊਂਡ ਰਬੜ ਬੁਲੇਟ ਚਲਾਈਆਂ ਤੇ ਅੱਥਰੂ ਗੈਸ ਦੇ 115 ਗੋਲੇ ਛੱਡੇ। ਸੁਰੱਖਿਆ ਬਲਾਂ ਨੂੰ ਹਾਲਾਤ ਕਾਬੂ ਕਰਨ ਵਿੱਚ ਅੱਠ ਘੰਟੇ ਲੱਗੇ। ਕੁਝ ਹੋਰ ਥਾਵਾਂ ਉੱਤੇ ਵੀ ਵਿਰੋਧ ਪ੍ਰਦਰਸ਼ਨ ਹੋਣ ਦੀ ਸੂਚਨਾ ਹੈ। ਪਤਾ ਲੱਗਾ ਹੈ ਕਿ ਪ੍ਰਦਰਸ਼ਨਕਾਰੀ ਇਸ ਗਲਤ ਜਾਣਕਾਰੀ ਤੋਂ ਭੜਕੇ ਸਨ ਕਿ ਨੇਪਾਲ ਸਰਕਾਰ ਨੇ ਅਮਰੀਕਾ ਨਾਲ ਫੌਜੀ ਸਮਝੌਤਾ ਕਰ ਲਿਆ ਹੈ। ਸ਼ੇਰ ਬਹਾਦਰ ਦੇਉਬਾ ਸਰਕਾਰ ਨੇ ਅਮਰੀਕਾ ਦੇ ਨਾਲ ਹੋਏ ਸਮਝੌਤੇ ਨੂੰ ਪਾਰਲੀਮੈਂਟਦੀ ਮਨਜ਼ੂਰੀ ਲੈਣ ਲਈ ਪੇਸ਼ ਕੀਤਾ ਸੀ, ਪ੍ਰੰਤੂ ਦੇਸ਼ ਵਿੱਚ ਚੀਨੀ ਸਮਰਥਕਾਂ ਕਾਰਨ ਲੋਕ ਭੜਕ ਕੇ ਸੜਕਾਂ ਉੱਤੇ ਆ ਗਏ ਅਤੇ ਸਰਕਾਰ ਵਿਰੋਧੀ ਨਾਅਰੇਬਾਜ਼ੀ ਕਰਦੇ ਹੋਏ ਹਿੰਸਾ ਉੱਤੇ ਉਤਾਰੂ ਹੋ ਗਏ।









